ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 15 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੩੧ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਚਾਲ ਦੇ ਝਟਕਿਆਂ ਨਾਲ ਹਿੱਲੀ ਧਰਤੀ, ਲੋਕਾਂ 'ਚ ਦਹਿਸ਼ਤ ਦਾ ਮਾਹੌਲ




**ਗੁਹਾਟੀ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਸਾਮ ਦੇ ਗੁਹਾਟੀ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਸ਼ਨੀਵਾਰ ਸ਼ਾਮ 4:41 ਵਜੇ ਭੂਚਾਲ ਦੇ ਤੇਜ਼ ਝਟਕੇ ਮਹਿਸੂਸ ਕੀਤੇ ਗਏ। ਰਿਕਟਰ ਪੈਮਾਨੇ 'ਤੇ ਇਸਦੀ ਤੀਬਰਤਾ 5.8 ਮਾਪੀ ਗਈ। ਇਹ ਝਟਕੇ ਉੱਤਰੀ ਬੰਗਾਲ ਅਤੇ ਗੁਆਂਢੀ ਦੇਸ਼ ਭੂਟਾਨ ਤੱਕ ਮਹਿਸੂਸ ਕੀਤੇ ਗਏ, ਜਿਸ ਕਾਰਨ ਲੋਕਾਂ ਵਿੱਚ ਦਹਿਸ਼ਤ ਫੈਲ ਗਈ। ਅਧਿਕਾਰੀਆਂ ਅਨੁਸਾਰ ਭੂਚਾਲ ਦਾ ਕੇਂਦਰ ਅਸਾਮ ਦੇ ਉਦਾਲਗੁਰੀ ਜ਼ਿਲ੍ਹੇ ਵਿੱਚ ਸੀ ਅਤੇ ਇਸਦੀ ਡੂੰਘਾਈ ਲਗਭਗ 5 ਕਿਲੋਮੀਟਰ ਸੀ। ਇਸ ਸਮੇਂ ਕਿਸੇ ਵੀ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ। ਇਹ ਧਿਆਨ ਦੇਣ ਯੋਗ ਹੈ ਕਿ ਅਸਾਮ ਭੂਚਾਲਾਂ ਦੇ ਮਾਮਲੇ ਵਿੱਚ ਇੱਕ ਸੰਵੇਦਨਸ਼ੀਲ ਖੇਤਰ ਹੈ, ਕਿਉਂਕਿ ਇਹ ਪੂਰਬੀ ਹਿਮਾਲੀਅਨ ਸਿੰਟੈਕਸਿਸ ਵਿੱਚ ਯੂਰੇਸ਼ੀਅਨ ਅਤੇ ਸੁੰਡਾ ਪਲੇਟਾਂ ਦੇ ਸੰਗਮ 'ਤੇ ਸਥਿਤ ਹੈ। ਇਹ ਭੂਚਾਲ 2 ਸਤੰਬਰ ਨੂੰ ਸੋਨਿਤਪੁਰ ਜ਼ਿਲ੍ਹੇ ਵਿੱਚ ਆਏ 3.5 ਤੀਬਰਤਾ ਦੇ ਭੂਚਾਲ ਤੋਂ ਕੁਝ ਦਿਨ ਬਾਅਦ ਹੀ ਆਇਆ ਹੈ। ਪ੍ਰਸ਼ਾਸਨ ਚੌਕਸ ਹੈ ਅਤੇ ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।

## ਪੰਜਾਬ 'ਚ ਫ਼ਿਰ ਹੋ ਗਏ ਧਮਾਕੇ !

# ਪਿੰਡ ਜੀਦਾ 'ਚ 2 ਹੋਰ ਬਲਾਸਟ

**ਬਠਿੰਡਾ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਦੇ ਪਿੰਡ ਜੀਦਾ ਵਿਚ ਦੋ ਹੋਰ ਧਮਾਕੇ ਹੋ ਗਏ ਹਨ। ਇਹ ਧਮਾਕੇ ਉਸੇ ਘਰ ਵਿਚ ਹੋਏ ਹਨ, ਜਿੱਥੇ 3 ਦਿਨ ਪਹਿਲਾਂ ਇਕ ਘਰ ਵਿਚ ਦੋ ਧਮਾਕੇ ਹੋਏ ਹਨ। ਅੱਜ ਜਦੋਂ ਫੋਰੈਂਸਿਕ ਯੂਨਿਟ ਤੇ ਬੰਬ ਡਿਸਪੋਜ਼ਲ ਟੀਮ ਉਸ ਘਰ ਵਿਚ ਜਾਂਚ ਕਰ ਰਹੀ ਸੀ ਤਾਂ ਅਚਾਨਕ ਦੋ ਹੋਰ ਧਮਾਕੇ ਹੋ ਗਏ। ਇਸ ਦੌਰਾਨ ਕਿਸੇ ਕਿਸਮ ਦੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਹੈ। ਜਾਣਕਾਰੀ ਮੁਤਾਬਕ ਅੱਜ ਸਵੇਰ ਤੋਂ ਮੋਬਾਈਲ ਫੋਰੈਂਸਿਕ ਸਾਇੰਸ ਯੂਨਿਟ ਬਠਿੰਡਾ ਅਤੇ ਬੰਬ ਡਿਸਪੋਜ਼ਲ ਟੀਮ ਵੱਲੋਂ ਪਿੰਡ ਜੀਦਾ ਵਿਚ ਗੁਰਪ੍ਰੀਤ ਸਿੰਘ ਦੇ ਘਰ ਦੀ ਜਾਂਚ ਕੀਤੀ ਜਾ ਰਹੀ ਸੀ। ਦੁਪਹਿਰ ਨੂੰ 1.30-2 ਵਜੇ ਦੇ ਕਰੀਬ ਘਰ ਵਿਚ 2 ਹੋਰ ਧਮਾਕੇ ਹੋ ਗਏ। ਟੀਮਾਂ ਵੱਲੋਂ ਘਰ ਦੀ ਤਲਾਸ਼ੀ ਲਈ ਡਰੋਨ ਉਤਾਰੇ ਜਾਣ ਦੀ ਵੀ ਸੂਚਨਾ ਹੈ। ਫ਼ਿਲਹਾਲ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਦੱਸ ਦਈਏ ਕਿ 11 ਸਤੰਬਰ ਨੂੰ ਪਿੰਡ ਜੀਦਾ ਵਿਚ ਇਕ 19 ਸਾਲਾ ਲਾਅ ਵਿਦਿਆਰਥੀ ਗੁਰਪ੍ਰੀਤ ਸਿੰਘ ਵੱਲੋਂ ਆਨਲਾਈਨ ਮੰਗਵਾਏ ਸਾਮਾਨ ਨਾਲ ਤਜ਼ਰਬਾ ਕਰਦਿਆਂ ਬਲਾਸਟ ਹੋ ਗਿਆ ਸੀ, ਇਸ ਦੌਰਾਨ ਗੁਰਪ੍ਰੀਤ ਸਿੰਘ ਖ਼ੁਦ ਵੀ ਜ਼ਖ਼ਮੀ ਹੋ ਗਿਆ ਸੀ, ਜੋ ਇਸ ਵੇਲੇ ਵੀ ਹਸਪਤਾਲ ਵਿਚ ਜ਼ੇਰੇ ਇਲਾਜ ਹੈ। ਇਸ ਮਗਰੋਂ ਜਦੋਂ ਉਸ ਦੇ ਪਿਤਾ ਉਕਤ ਸਾਮਾਨ ਇਕੱਠਾ ਕਰ ਰਹੇ ਸੀ ਤਾਂ ਇਕ ਹੋਰ ਧਮਾਕਾ ਹੋ ਗਿਆ। ਮਾਮਲੇ ਦੀ ਜਾਂਚ ਦੌਰਾਨ ਗੁਰਪ੍ਰੀਤ ਸਿੰਘ ਦੇ ਫ਼ੋਨ 'ਚੋਂ ਅੱਤਵਾਦੀ ਮਸੂਦ ਅਜ਼ਹਰ ਦਾ ਨੰਬਰ ਮਿਲਣ ਕਾਰਨ ਏਜੰਸੀਆਂ ਵੀ ਦੰਗ ਰਹਿ ਗਈਆਂ। ਇਹ ਮਾਮਲਾ ਕੋਈ ਵੱਡੀ ਸਾਜ਼ਿਸ਼ ਦਾ ਜਾਪਦਾ ਹੈ।




**ਭਿਆਨਕ ਹਾਦਸੇ 'ਚ ਇੱਕੋ ਪਰਿਵਾਰ ਦੇ 7 ਜੀਆਂ ਦੀ ਮੌਤ : :** ਰਾਜਸਥਾਨ ਦੇ ਜੈਪੁਰ ਵਿੱਚ ਇੱਕ ਭਿਆਨਕ ਸੜਕ ਹਾਦਸੇ ਨੇ ਸਭ ਨੂੰ ਹਿਲਾ ਕੇ ਰੱਖ ਦਿੱਤਾ। ਜੈਪੁਰ ਵਾਟਿਕਾ ਰਿੰਗ ਰੋਡ 'ਤੇ ਹੋਏ ਇਸ ਹਾਦਸੇ ਵਿੱਚ ਸੱਤ ਲੋਕਾਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ ਦੋ ਬੱਚੇ ਵੀ ਸ਼ਾਮਲ ਹਨ। ਸਭ ਇੱਕੋ ਪਰਿਵਾਰ ਦੇ ਦੱਸੇ ਜਾ ਰਹੇ ਹਨ। ਮਿਲੀ ਜਾਣਕਾਰੀ ਮੁਤਾਬਕ ਪਰਿਵਾਰ ਦੇ ਮੈਂਬਰ ਹਰਿਦੁਆਰ ਤੋਂ ਅਸਥੀਆਂ ਵਿਸਰਜਨ ਕਰ ਕੇ ਵਾਪਸ ਆ ਰਹੇ ਸਨ। ਰਾਹ 'ਚ ਕਾਰ ਅਚਾਨਕ ਬੇਕਾਬੂ ਹੋ ਕੇ ਪਲਟ ਗਈ। ਕਾਰ 'ਚ ਕੁੱਲ 7 ਲੋਕ ਸਵਾਰ ਸਨ 3 ਮਰਦ, 2 ਔਰਤਾਂ ਅਤੇ 2 ਬੱਚੇ। ਟੱਕਰ ਇੰਨੀ ਭਿਆਨਕ ਸੀ ਕਿ ਸਭ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸੂਚਨਾ ਮਿਲਣ 'ਤੇ ਸਥਾਨਕ ਥਾਣਾ ਪੁਲਸ ਮੌਕੇ 'ਤੇ ਪਹੁੰਚੀ ਤੇ ਐਂਬੂਲੈਂਸ ਦੀ ਸਹਾਇਤਾ ਨਾਲ ਲਾਸ਼ਾਂ ਨੂੰ ਮਹਾਤਮਾ ਗਾਂਧੀ ਹਸਪਤਾਲ ਭੇਜੀਆਂ।

## ਹਵਾਈ ਅੱਡੇ ਤੋਂ ਟੇਕਆਫ ਨਹੀਂ ਕਰ ਸਕਿਆ ਇੰਡੀਗੋ ਦਾ ਪਲੇਨ, ਮਸ਼ਹੂਰ ਆਗੂਆਂ ਸਣੇ 151 ਯਾਤਰੀ ਸੀ ਸਵਾਰ

**ਲਖਨਊ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਲਖਨਊ ਹਵਾਈ ਅੱਡੇ 'ਤੇ ਐਤਵਾਰ (14 ਸਤੰਬਰ) ਨੂੰ ਇੱਕ ਦਿਲ ਦਹਿਲਾ ਦੇਣ ਵਾਲਾ ਦ੍ਰਿਸ਼ ਦੇਖਣ ਨੂੰ ਮਿਲਿਆ। ਇੱਥੇ, ਦਿੱਲੀ ਜਾ ਰਹੀ ਇੰਡੀਗੋ ਦੀ ਇੱਕ ਉਡਾਣ ਟੇਕਆਫ ਦੌਰਾਨ ਰਨਵੇਅ 'ਤੇ ਰੁਕ ਗਈ। ਕੈਪਟਨ ਨੇ ਸਮੇਂ ਸਿਰ ਜਹਾਜ਼ ਨੂੰ ਰੋਕਿਆ ਅਤੇ 151 ਯਾਤਰੀਆਂ ਦੀ ਜਾਨ ਬਚਾਈ। ਸਮਾਜਵਾਦੀ ਪਾਰਟੀ ਦੇ ਸੰਸਦ ਮੈਂਬਰ ਅਤੇ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ ਦੀ ਪਤਨੀ ਡਿੰਪਲ ਯਾਦਵ ਵੀ ਇਸ ਜਹਾਜ਼ ਵਿੱਚ ਮੌਜੂਦ ਸੀ। ਸੂਤਰਾਂ ਅਨੁਸਾਰ, ਜਹਾਜ਼ ਨੇ ਰਨਵੇਅ 'ਤੇ ਰਫ਼ਤਾਰ ਫੜ ਲਈ, ਪਰ ਫਿਰ ਵੀ ਹਵਾ ਵਿੱਚ ਉਡਾਣ ਨਹੀਂ ਭਰ ਸਕਿਆ। ਫਲਾਈਟ ਦੇ ਕੈਪਟਨ ਨੇ ਸੂਝ-ਬੂਝ ਨਾਲ ਰਨਵੇਅ ਖਤਮ ਹੋਣ ਤੋਂ ਪਹਿਲਾਂ ਹੀ ਜਹਾਜ਼ ਨੂੰ ਰੋਕ ਲਿਆ। ਇਸ ਘਟਨਾ ਕਾਰਨ ਜਹਾਜ਼ ਵਿੱਚ ਮੌਜੂਦ ਯਾਤਰੀ ਘਬਰਾ ਗਏ। ਹਾਲਾਂਕਿ, ਸਾਰੇ ਯਾਤਰੀ ਸੁਰੱਖਿਅਤ ਹਨ। ਬਾਅਦ ਵਿੱਚ ਏਅਰਲਾਈਨ ਨੇ ਸਾਰਿਆਂ ਨੂੰ ਇੱਕ ਹੋਰ ਫਲਾਈਟ ਰਾਹੀਂ ਦਿੱਲੀ ਭੇਜ ਦਿੱਤਾ। ਹਾਲ ਹੀ ਵਿੱਚ, ਸੂਰਤ ਤੋਂ ਦੁਬਈ ਜਾਣ ਵਾਲੀ ਇੰਡੀਗੋ ਦੀ ਇੱਕ ਫਲਾਈਟ ਨੂੰ ਉਡਾਣ ਦੌਰਾਨ ਤਕਨੀਕੀ ਸਮੱਸਿਆ ਕਾਰਨ ਅਹਿਮਦਾਬਾਦ ਦੇ ਸਰਦਾਰ ਵੱਲਭਭਾਈ ਪਟੇਲ ਅੰਤਰਰਾਸ਼ਟਰੀ ਹਵਾਈ ਅੱਡੇ ਵੱਲ ਮੋੜਨਾ ਪਿਆ ਸੀ। ਇਸ ਜਹਾਜ਼ ਵਿੱਚ 170 ਤੋਂ ਵੱਧ ਯਾਤਰੀ ਸਵਾਰ ਸਨ। ਅਧਿਕਾਰੀਆਂ ਨੇ ਕਿਹਾ ਕਿ ਇਹ ਐਮਰਜੈਂਸੀ ਲੈਂਡਿੰਗ ਨਹੀਂ ਸੀ, ਪਰ ਤਕਨੀਕੀ ਸਮੱਸਿਆ ਕਾਰਨ ਸੁਰੱਖਿਅਤ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਇਹ ਕਦਮ ਚੁੱਕਿਆ ਗਿਆ ਸੀ। ਹਵਾ ਵਿੱਚ ਉਡਾਣ ਦੌਰਾਨ ਜਹਾਜ਼ ਵਿੱਚ ਕੁਝ ਤਕਨੀਕੀ ਸਮੱਸਿਆਵਾਂ ਆਈਆਂ। ਇਸ ਕਾਰਨ, ਪਾਇਲਟ ਨੇ ਸੂਰਤ ਤੋਂ ਦੁਬਈ ਦੀ ਬਜਾਏ ਅਹਿਮਦਾਬਾਦ ਵਿੱਚ ਜਹਾਜ਼ ਨੂੰ ਉਤਾਰਨ ਦਾ ਫੈਸਲਾ ਕੀਤਾ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਇਹ ਫੈਸਲਾ ਯਾਤਰੀਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਗਿਆ ਸੀ। ਇੰਡੀਗੋ ਏਅਰਲਾਈਨਜ਼ ਨੇ ਤੁਰੰਤ ਇੱਕ ਹੋਰ ਜਹਾਜ਼ ਦਾ ਪ੍ਰਬੰਧ ਕੀਤਾ ਤਾਂ ਜੋ ਸਾਰੇ ਯਾਤਰੀ ਸੁਰੱਖਿਅਤ ਢੰਗ ਨਾਲ ਦੁਬਈ ਵਿੱਚ ਆਪਣੀ ਮੰਜ਼ਿਲ 'ਤੇ ਪਹੁੰਚ ਸਕਣ।




## ਪੰਜਾਬ 'ਚ ਪ੍ਰਵਾਸੀਆਂ ਨੂੰ ਲੈ ਕੇ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਅਨੋਖੇ ਮਤੇ ਪਾਸ, ਕਰ 'ਤੇ ਵੱਡੇ ਐਲਾਨ

**ਸ੍ਰੀ ਅਨੰਦਪੁਰ ਸਾਹਿਬ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਵਿਖੇ ਇਕ ਪੰਜ ਸਾਲ ਦੇ ਬੱਚੇ ਦੀ ਪ੍ਰਵਾਸੀ ਮਜ਼ਦੂਰ ਵੱਲੋਂ ਬੇਰਹਿਮੀ ਨਾਲ ਕੀਤੇ ਕਤਲ ਤੋਂ ਬਾਅਦ ਪੂਰੇ ਪੰਜਾਬ ਵਾਸੀਆਂ ਵਿਚ ਪ੍ਰਵਾਸੀਆਂ ਪ੍ਰਤੀ ਭਾਰੀ ਗੁੱਸੇ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਕ੍ਰਿਮੀਨਲ ਕਿਸਮ ਦੇ ਪ੍ਰਵਾਸੀਆਂ ਨੂੰ ਪੰਜਾਬ ਵਿਚੋਂ ਬਾਹਰ ਕੱਢਣ ਦੀ ਮੰਗ ਲਗਾਤਾਰ ਉੱਠ ਰਹੀ ਹੈ। ਇਸੇ ਸਬੰਧੀ ਸ੍ਰੀ ਅਨੰਦਪੁਰ ਸਾਹਿਬ ਨੇੜਲੇ ਤਿੰਨ ਪਿੰਡਾਂ ਦੀਆਂ ਗ੍ਰਾਮ ਪੰਚਾਇਤ ਲੋਦੀਪੁਰ, ਪੰਚਾਇਤ ਲੋਧੀਪੁਰ ਬਰੋਟੂ ਬਾਸ, ਪੰਚਾਇਤ ਝੂਗੀਆਂ ਬਾਸ ਨੇ ਪ੍ਰਵਾਸੀਆਂ ਖ਼ਿਲਾਫ਼ ਮਤਾ ਪਾਸ ਕਰਕੇ ਉਨ੍ਹਾਂ ਨੂੰ ਪੁਲਸ ਵੈਰੀਫਿਕੇਸ਼ਨ ਕਰਵਾਉਣ ਲਈ 10 ਦਿਨ ਦਿੱਤੇ ਹਨ ਅਤੇ ਚਿਤਾਵਨੀ ਦਿੱਤੀ ਹੈ ਕਿ ਜੋ ਵੀ ਪ੍ਰਵਾਸੀ ਵੈਰੀਫਿਕੇਸ਼ਨ ਨਹੀਂ ਕਰਵਾਉਂਦਾ, ਉਸ ਨੂੰ ਪਿੰਡ ਤੋਂ ਬਾਹਰ ਕੱਢ ਦਿੱਤਾ ਜਾਵੇਗਾ। ਗ੍ਰਾਮ ਪੰਚਾਇਤ ਲੋਦੀਪੁਰ ਝੁੰਗੀਆਂ ਦੇ ਸਰਪੰਚ ਨਵਪ੍ਰੀਤ ਕੌਰ, ਲੋਦੀਪੁਰ ਬਰੋਟੂ ਬਾਸ ਦੇ ਸਰਪੰਚ ਨੀਲਮ ਸ਼ਰਮਾ ਅਤੇ ਪਿੰਡ ਲੋਦੀਪੁਰ ਦੇ ਸਰਪੰਚ ਬਾਬੂ ਰਾਮ ਨੇ ਕਿਹਾ ਕਿ ਪ੍ਰਵਾਸੀਆਂ ਦੀ ਪੰਜਾਬ ਵਿਚ ਗੁੰਡਾਗਰਦੀ ਵਧਦੀ ਜਾ ਰਹੀ ਹੈ। ਨਵਾਂਸ਼ਹਿਰ ਅਤੇ ਹੁਸ਼ਿਆਰਪੁਰ ਦੀਆਂ ਤਾਜ਼ੀਆਂ ਵਾਪਰੀਆਂ ਘਟਨਾਵਾਂ ਨੇ ਜਿੱਥੇ ਸਮੂਹ ਪੰਜਾਬ ਵਾਸੀਆਂ ਦੇ ਹਿਰਦੇ ਵਲੂੰਦਰ ਕੇ ਰੱਖ ਦਿੱਤੇ ਹਨ, ਉੱਥੇ ਹੀ ਕੁਝ ਸਮਾਂ ਪਹਿਲਾਂ ਲੋਦੀਪੁਰ ਪਿੰਡ ਦੀ ਪੰਜਾਬੀ ਕੁੜੀ ਨੂੰ ਇਕ ਪ੍ਰਵਾਸੀ ਮੁੰਡੇ ਵੱਲੋਂ ਵਰਗਲਾ ਕੇ ਆਪਣੇ ਨਾਲ ਭਜਾ ਕੇ ਲੈ ਜਾਣ ਦੀ ਮਾੜੀ ਘਟਨਾ ਨੇ ਸ੍ਰੀ ਅਨੰਦਪੁਰ ਸਾਹਿਬ ਨੇੜਲੇ ਇਲਾਕੇ ਵਿਚ ਪ੍ਰਵਾਸੀਆਂ ਪ੍ਰਤੀ ਭਾਰੀ ਰੋਸ ਪੈਦਾ ਕਰ ਦਿੱਤਾ ਸੀ। ਇਨ੍ਹਾਂ ਤਿੰਨਾਂ ਪਿੰਡਾਂ ਦੇ ਵਾਸੀਆਂ ਨੇ ਦੱਸਿਆ ਕਿ ਸਾਡੇ ਪਿੰਡ ਵਿਚ ਬਹੁਤ ਜ਼ਿਆਦਾ ਗਿਣਤੀ ਵਿਚ ਪ੍ਰਵਾਸੀ ਵਸ ਚੁੱਕੇ ਹਨ, ਜਿਸ ਨਾਲ ਪਿੰਡ ਵਾਸੀਆਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਪਰੋਤਕ ਘਟਨਾਵਾਂ ਦੇ ਕਾਰਨ ਉਨ੍ਹਾਂ ਨੇ ਆਮ ਇਜਲਾਸ ਵਿਚ ਪਿੰਡ ਵਿਚ ਰਹਿ ਰਹੇ ਪ੍ਰਵਾਸੀਆਂ ਨੂੰ ਪੁਲਸ ਵੈਰੀਫਿਕੇਸ਼ਨ ਕਰਵਾਉਣ ਦੇ ਲਈ ਦਸ ਦਿਨ ਦਿੱਤੇ ਹਨ ਤੇ ਜੇਕਰ ਕੋਈ ਇਨ੍ਹਾਂ ਦਸ ਦਿਨਾਂ 'ਚ ਵੈਰੀਫਿਕੇਸ਼ਨ ਨਹੀਂ ਕਰਵਾਉਂਦਾ ਤਾਂ ਉਸ ਨੂੰ ਪਿੰਡ ਤੋਂ ਬਾਹਰ ਕੱਢ ਦਿੱਤਾ ਜਾਵੇਗਾ। ਇਸ ਦੇ ਨਾਲ ਹੀ ਕਿਰਾਏਦਾਰ ਅਤੇ ਡੇਰਿਆਂ ਵਿਚ ਰਹਿਣ ਵਾਲੇ ਵਿਅਕਤੀਆਂ ਨੂੰ ਵੀ ਪੁਲਸ ਵੈਰੀਫੀਕੇਸ਼ਨ ਕਰਵਾਉਣ ਲਈ ਮਤਾ ਪਾਸ ਕੀਤਾ ਗਿਆ ਹੈ ਅਤੇ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਅਕਸਰ ਵੇਖਿਆ ਗਿਆ ਹੈ ਕਿ ਸਤਲੁਜ ਦਰਿਆ ਪਿੰਡ ਲੋਦੀਪੁਰ ਦੇ ਕਿਨਾਰੇ ਵੱਡੀ ਗਿਣਤੀ ਵਿਚ ਇਹ ਪ੍ਰਵਾਸੀ ਸਵੇਰ ਤੋਂ ਸ਼ਾਮ ਤੱਕ ਮੱਛੀਆਂ ਫੜਦੇ ਰਹਿੰਦੇ ਹਨ, ਜਿਸ ਦੇ ਨਾਲ ਜਾਨੀ ਨੁਕਸਾਨ ਦਾ ਵੀ ਖ਼ਤਰਾ ਬਣਿਆ ਰਹਿੰਦਾ ਹੈ, ਇਸ ਲਈ ਉਨ੍ਹਾਂ ਨੇ ਮਤਾ ਪਾਸ ਕਰਕੇ ਮੱਛੀਆਂ ਫੜਨ 'ਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ। ਇਸ ਸਮੇਂ ਪ੍ਰਦੀਪ ਕੁਮਾਰ, ਹਰਦੀਪ ਸਿੰਘ ਭੁੱਲਰ, ਪੰਚ ਸ਼ੇਰ ਸਿੰਘ, ਪੰਚ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਜੇਕਰ ਨਿਸ਼ਚਿਤ ਸਮੇਂ ਵਿਚ ਇਥੇ ਰਹਿੰਦੇ ਪ੍ਰਵਾਸੀ ਵੈਰੀਫਿਕੇਸ਼ਨ ਨਹੀਂ ਕਰਵਾਉਂਦੇ ਤਾਂ ਉਨ੍ਹਾਂ ਖ਼ਿਲਾਫ਼ ਮਤੇ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਪੰਚਾਇਤਾਂ ਵੱਲੋਂ ਪਾਸ ਕੀਤੇ ਮਤੇ ਬੀ. ਡੀ. ਪੀ. ਓ. ਦਫ਼ਤਰ ਦੇ ਕੇ ਪ੍ਰਸ਼ਾਸਨ ਨੂੰ ਇਸ ਸਬੰਧੀ ਸੂਚਿਤ ਕਰ ਦਿੱਤਾ ਜਾਵੇਗਾ।

## ਮਹਿੰਦਰ ਸਿੰਘ ਕੇ. ਪੀ. ਦੇ ਇਕਲੌਤੇ ਪੁੱਤ ਦੀ ਸੜਕ ਹਾਦਸੇ 'ਚ ਮੌਤ

### ਐਕਸੀਡੈਂਟ ਕਰਨ ਵਾਲਾ ਪਰਿਵਾਰ ਸਮੇਤ ਫਰਾਰ, 'ਹਿੱਟ ਐਂਡ ਰਨ' ਦਾ ਕੇਸ ਦਰਜ



**ਜਲੰਧਰ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿੱਚ ਸ਼ਨੀਵਾਰ ਦੇਰ ਰਾਤ ਇੱਕ ਦਰਦਨਾਕ ਸੜਕ ਹਾਦਸੇ ਨੇ ਪੂਰੇ ਸ਼ਹਿਰ ਨੂੰ ਹਿਲਾ ਕੇ ਰੱਖ ਦਿੱਤਾ। ਅਕਾਲੀ ਦਲ ਦੇ ਨੇਤਾ ਅਤੇ ਸਾਬਕਾ ਸੰਸਦ ਮੈਂਬਰ ਮਹਿੰਦਰ ਸਿੰਘ ਕੇਪੀ ਦੇ ਪੁੱਤਰ ਰਿਚੀ ਦੀ ਇੱਕ ਭਿਆਨਕ ਸੜਕ ਹਾਦਸੇ ਵਿੱਚ ਮੌਤ ਹੋ ਗਈ। ਇਹ ਹਾਦਸਾ ਮਾਡਲ ਟਾਊਨ ਮਾਤਾ ਰਾਣੀ ਚੌਕ ਨੇੜੇ ਵਾਪਰਿਆ, ਜਿੱਥੇ ਚਾਰ ਵਾਹਨ ਆਪਸ ਵਿੱਚ ਟਕਰਾ ਗਏ। ਇਸ ਟੱਕਰ ਵਿੱਚ ਰਿਚੀ ਦੀ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਉਸਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ, ਜਿਸ ਕਾਰਨ ਉਸਦੀ ਮੌਤ ਹੋ ਗਈ। ਮਿਲੀ ਜਾਣਕਾਰੀ ਮੁਤਾਬਿਕ ਇਸ ਮਾਮਲੇ 'ਚ ਹੁਣ ਪੁਲਿਸ ਨੇ ਕਾਰਵਾਈ ਕਰਦੇ ਹੋਏ ਮਾਮਲੇ ਸਬੰਧੀ ਐਫਆਈਆਰ ਨੰਬਰ 178 ਤਹਿਤ ਧਾਰਾ 304 ਦੇ ਅੰਦਰ ਪਰਚਾ ਦਰਜ ਕੀਤਾ ਹੈ। ਹਾਦਸੇ 'ਚ ਸ਼ਾਮਲ 3 ਗੱਡੀਆਂ ਦੇ ਨੰਬਰ ਐਫਆਈਆਰ 'ਚ ਦਰਜ ਕੀਤੇ ਗਏ ਹਨ। ਇਸ ਤੋਂ ਇਲਾਵਾ ਪੁਲਿਸ ਵੱਲੋਂ ਮਾਮਲੇ ਸਬੰਧੀ ਜਾਂਚ 'ਚ ਡਰਾਈਵਰਾਂ ਦੀ ਭੂਮਿਕਾ ਦੀ ਤਫਤੀਸ਼ ਕਰ ਬਾਈਨੇਮ ਮੁਲਜ਼ਮਾਂ ਦੇ ਨਾਂ ਸ਼ਾਮਲ ਕੀਤਾ ਜਾਵੇਗਾ। ਚਸ਼ਮਦੀਦਾਂ ਅਨੁਸਾਰ, ਟੱਕਰ ਇੰਨੀ ਜ਼ੋਰਦਾਰ ਸੀ ਕਿ ਕਾਰਾਂ ਦੇ ਨੁਕਸਾਨੇ ਹੋਏ ਹਿੱਸੇ ਸੜਕ 'ਤੇ ਲਗਭਗ 50 ਫੁੱਟ ਤੱਕ ਖਿੰਡ ਗਏ। ਟੱਕਰ ਵਿੱਚ ਰਿਚੀ ਦੀ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਉਸਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ, ਜਿਸ ਕਾਰਨ ਉਸਦੀ ਮੌਤ ਹੋ ਗਈ। ਘਟਨਾ ਤੋਂ ਤੁਰੰਤ ਬਾਅਦ ਆਲੇ-ਦੁਆਲੇ ਦੇ ਇਲਾਕੇ ਵਿੱਚ ਹਫੜਾ-ਦਫੜੀ ਮਚ ਗਈ। ਹਾਦਸੇ ਦੀ ਖ਼ਬਰ ਫੈਲਦੇ ਹੀ ਲੋਕ ਮਹਿੰਦਰ ਸਿੰਘ ਕੇਪੀ ਦੇ ਘਰ ਇਕੱਠੇ ਹੋ ਗਏ। ਦੇਰ ਰਾਤ ਤੋਂ ਹੀ ਵੱਡੀ ਗਿਣਤੀ ਵਿੱਚ ਲੋਕ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਆ ਰਹੇ ਹਨ। ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਨੇ ਨੇੜਲੇ ਸੀਸੀਟੀਵੀ ਫੁਟੇਜ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ, ਤਾਂ ਜੋ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਇਆ ਜਾ ਸਕੇ। ਇਸ ਮਾਮਲੇ ਵਿੱਚ ਇੱਕ ਵੱਡਾ ਖੁਲਾਸਾ ਹੋਇਆ ਹੈ। ਦੱਸਿਆ ਜਾ ਰਿਹਾ ਹੈ ਕਿ ਸ਼ੇਖਾਂ ਬਾਜ਼ਾਰ ਦੇ ਸ਼ਾਨ ਐਂਟਰਪ੍ਰਾਈਜ਼ਿਜ਼ ਦੇ ਮਾਲਕ ਪ੍ਰਿੰਸ ਦੀ ਕ੍ਰੇਟਾ ਕਾਰ ਨਾਲ ਟਕਰਾਉਣ ਤੋਂ ਬਾਅਦ ਬੀਤੀ ਰਾਤ ਰਿਚੀ ਕੇ.ਪੀ. ਦੀ ਮੌਤ ਹੋ ਗਈ। ਇਸ ਤੋਂ ਬਾਅਦ ਦੱਸਿਆ ਜਾ ਰਿਹਾ ਹੈ ਕਿ ਪ੍ਰਿੰਸ ਆਪਣੇ ਪਰਿਵਾਰ ਸਮੇਤ ਫਰਾਰ ਹੋ ਗਿਆ ਹੈ। ਇਸ ਦੇ ਨਾਲ ਹੀ ਇਹ ਵੀ ਦੱਸਿਆ ਜਾ ਰਿਹਾ ਹੈ ਕਿ ਪ੍ਰਿੰਸ ਵਿਰੁੱਧ ਹਿੱਟ ਐਂਡ ਰਨ ਦਾ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਪੁਲਿਸ ਉਸਦੀ ਭਾਲ ਵਿੱਚ ਛਾਪੇਮਾਰੀ ਕਰ ਰਹੀ ਹੈ।

## 'ਪ੍ਰਵਾਸੀਆਂ ਨੂੰ 'ਡਿਪੋਰਟ' ਕਰੋ..!', ਬ੍ਰਿਟੇਨ 'ਚ ਸੜਕਾਂ 'ਤੇ ਉਤਰੇ 1 ਲੱਖ ਤੋਂ ਵੱਧ ਲੋਕ




**ਲੰਡਨ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਜਿੱਥੇ ਨੇਪਾਲ ਤੇ ਫਰਾਂਸ 'ਚ ਲੋਕਾਂ ਨੇ ਸੜਕਾਂ 'ਤੇ ਉਤਰ ਕੇ ਸਰਕਾਰ ਖ਼ਿਲਾਫ਼ ਵੱਡੇ ਪੱਧਰ 'ਤੇ ਪ੍ਰਦਰਸ਼ਨ ਕੀਤੇ ਹਨ, ਉੱਥੇ ਹੀ ਹੁਣ ਤਾਜ਼ਾ ਖ਼ਬਰ ਇੰਗਲੈਂਡ ਤੋਂ ਸਾਹਮਣੇ ਆ ਰਹੀ ਹੈ, ਜਿੱਥੇ ਗੈ.ਰ-ਕਾਨੂੰਨੀ ਪ੍ਰਵਾਸੀਆਂ ਖ਼ਿਲਾਫ਼ ਲੋਕ ਸੜਕਾਂ 'ਤੇ ਉਤਰ ਆਏ ਹਨ। ਲੰਡਨ 'ਚ ਸ਼ਨੀਵਾਰ ਨੂੰ 1 ਲੱਖ ਤੋਂ ਵੀ ਵੱਧ ਲੋਕਾਂ ਨੇ 'ਯੂਨਾਈਟ ਦਿ ਕਿੰਗਡਮ' ਨਾਂ ਦੀ ਰੈਲੀ ਕੱਢੀ, ਜਿਸ ਦੀ ਅਗਵਾਈ ਐਂਟੀ ਇਮੀਗ੍ਰੇਸ਼ਨ ਦੇ ਨੇਤਾ ਟਾਮੀ ਰੌਬਿਨਸਨ ਨੇ ਕੀਤੀ, ਜੋ ਕਿ ਬ੍ਰਿਟੇਨ ਦੇ ਸਭ ਤੋਂ ਪ੍ਰਭਾਵਸ਼ਾਲੀ ਪਰ ਵਿਵਾਦਪੂਰਨ ਸੱਜੇ-ਪੱਖੀ ਨੇਤਾਵਾਂ ਵਿੱਚੋਂ ਇੱਕ ਹੈ। ਉਸ ਦਾ ਅਸਲੀ ਨਾਮ ਸਟੀਵਨ ਕ੍ਰਿਸਟੋਫਰ ਯੈਕਸਲੇ-ਲੈਨਨ ਹੈ। ਉਹ ਮੁੱਖ ਤੌਰ 'ਤੇ ਆਪਣੀਆਂ ਇਮੀਗ੍ਰੇਸ਼ਨ ਵਿਰੋਧੀ ਅਤੇ ਇਸਲਾਮ ਵਿਰੋਧੀ ਗਤੀਵਿਧੀਆਂ ਲਈ ਜਾਣਿਆ ਜਾਂਦਾ ਹੈ। ਇਸ ਰੈਲੀ ਦੇ ਦੌਰਾਨ ਹੀ ਲੰਡਨ ਦੇ ਵ੍ਹਾਈਟ ਹਾਲ ਵਿਖੇ 'ਸਟੈਂਡ ਅਪ ਟੂ ਰੇਸਿਜ਼ਮ' ਪ੍ਰਦਰਸ਼ਨ ਚੱਲ ਰਿਹਾ ਸੀ, ਜਿਸ 'ਚ 5000 ਦੇ ਕਰੀਬ ਲੋਕ ਸ਼ਾਮਲ ਸਨ। ਇਸ ਦੌਰਾਨ ਪ੍ਰਦਰਸ਼ਨਕਾਰੀ ਹੱਥਾਂ 'ਚ 'ਸਾਡਾ ਦੇਸ਼ ਸਾਨੂੰ ਵਾਪਸ ਕਰੋ' ਤੇ 'ਯੂਨਾਈਟ ਦਿ ਕਿੰਗਡਮ' ਦੇ ਸਲੋਗਨਾਂ ਵਾਲੇ ਪੋਸਟਰ ਦੇ ਝੰਡੇ ਫੜੇ ਦੇਖੇ ਗਏ। ਪੁਲਸ ਨੇ ਇਨ੍ਹਾਂ ਲੋਕਾਂ ਨੂੰ 'ਯੂਨਾਈਟ ਦਿ ਕਿੰਗਡਮ' ਰੈਲੀ ਤੋਂ ਦੂਰ ਰੱਖਣ ਦੀ ਕੋਸ਼ਿਸ਼ ਕੀਤੀ, ਪਰ ਇਸੇ ਦੌਰਾਨ ਪ੍ਰਦਰਸ਼ਨਕਾਰੀਆਂ ਦੀ ਪੁਲਸ ਨਾਲ ਝੜਪ ਹੋ ਗਈ, ਜਿਸ ਕਾਰਨ ਕਈ ਪੁਲਸ ਵਾਲੇ ਤੇ ਪ੍ਰਦਰਸ਼ਨਕਾਰੀ ਜ਼ਖ਼ਮੀ ਹੋ ਗਏ ਤੇ ਕਈਆਂ ਨੂੰ ਗੰਭੀਰ ਸੱਟਾਂ ਲੱਗੀਆਂ। ਇਸ ਹਿੰਸਾ 'ਚ ਸ਼ਾਮਲ ਕਈ ਲੋਕਾਂ ਨੂੰ ਗ੍ਰਿਫ਼ਤਾਰ ਵੀ ਕਰ ਲਿਆ ਗਿਆ ਹੈ, ਜਦਕਿ ਬਾਕੀਆਂ ਦੀ ਪਛਾਣ ਕੀਤੀ ਜਾ ਰਹੀ ਹੈ। ਇਹ ਪ੍ਰਦਰਸ਼ਨਕਾਰੀ ਬ੍ਰਿਟੇਨ 'ਚ ਗੈਰ-ਕਾਨੂੰਨੀ ਪ੍ਰਵਾਸੀਆਂ ਖ਼ਿਲਾਫ਼ ਇਕੱਠੇ ਹੋ ਕੇ ਆਵਾਜ਼ ਉਠਾ ਰਹੇ ਹਨ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।



★ ਸੰਪਰਕ ★

**ਭਾਈ ਰਘਵੀਰ ਸਿੰਘ**
**+44 7976 210161**


CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR
WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★







SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ ਕੌਮ AWAZE QAUM
International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਆਵਾਜ਼ਿ ਕੌਮ AWAZE QAUM TV

# AWAZE QAUM TOURS & TRAVELS

ORGANISE

# PANJ TAKHAT YATRA

# ਪੰਜ ਤਖ਼ਤ ਦਰਸ਼ਨ ਯਾਤਰਾ

## ( FROM 15th FEB 2026 TO 25th FEB 2026 )

10 Nights 11 Days Tour From 15th Feb 2026 to 25th Feb 2026

AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS

- Luxury Hotel with Breakfast & Dinner
- Luxury Air-conditioned Coaches
- Domestic Flights
- Guide
- Flexibility to stay in India before & after the trip*
- Starting and Ending Point at Jalandhar

NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE

Account Name
RAGHBIR SINGH
Bank Name
HALIFAX
Sort Code 11-08-07
Account Number
00516474

ADVICE

REQUEST TO ALL SANGAT TO HAVE YOUR OWN TRAVEL INSURANCE INDIVIDUALLY !

FOR MORE INFO CONTACT

RAGHBIR SINGH
(CALL +44 7458 381111, +44 7976 210161)

PARAMJIT SHERGILL
+44 7858 198159

INDERJIT KAUR
+44 7883 635835

KULVINDER MANN
+44 7900 982906

121, BROADWAY WEST WALSALL, WEST MIDLANDS, WS1 4DW, ENGLAND UK

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

**1 ਨਵੰਬਰ 2025 ਦਿਨ ਸ਼ਨੀਵਾਰ ਨੂੰ**

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ ।

ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mendioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
# PANJ TAKHAT YATRA
## 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULVINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖ਼ਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥

## RAGHBIR SINGH (Call : +44 7976 210161)

121. Broadway west Walsall, West Midlands, WS1 4DW, England uk


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ਼੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name : RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ

# ਪੰਜ ਤਖ਼ਤ ਯਾਤਰਾ

ਆਵਾਜ਼ਿ ਕੌਮ AWAZE QAUM

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਉਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ਼੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜ਼ੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| RAGHBIR SINGH | PARAMJIT SHERGILL | INDERJIT KAUR | KULWINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |




# ਝੋਨੇ ਦੀ ਕਟਾਈ ਸਮੇਂ ਕੰਬਾਈਨ ਹਾਰਵੈਸਟਰ ਉੱਪਰ ਸੁਪਰ ਐਸ.ਐਮ.ਐਸ. ਲਗਾਉਣਾ ਲਾਜਮੀ: ਵਧੀਕ ਡਿਪਟੀ ਕਮਿਸ਼ਨਰ

**ਜੰਡਿਆਲਾ ਗੁਰੂ, 14 ਸਤੰਬਰ (ਕੁਲਵੰਤ ਸਿੰਘ ਵਿਰਦੀ )-** ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼੍ਰੀਮਤੀ ਸਾਕਸ਼ੀ ਸਾਹਨੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ), ਅੰਮ੍ਰਿਤਸਰ

## ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 6 ਵਜੇ ਤੱਕ ਕੀਤੀ ਜਾ ਸਕਦੀ ਹੈ ਝੋਨੇ ਦੀ ਕਟਾਈ

ਸ਼੍ਰੀਮਤੀ ਅਮਨਦੀਪ ਕੌਰ ਦੀ ਪ੍ਰਧਾਨਗੀ ਹੇਠ ਜਿਲ੍ਹੇ ਦੇ ਕੰਬਾਈਨ ਹਾਰਵੈਸਟਰ ਉਪਰੇਟਰਾਂ ਅਤੇ ਮਾਲਕਾਂ ਨਾਲ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੰਬਾਈਨ ਮਾਲਕ ਝੋਨੇ ਦੀ ਕਟਾਈ ਤੋਂ ਪਹਿਲਾਂ ਹਰੇਕ ਕੰਬਾਈਨ ਹਾਰਵੈਸਟਰ ਉੱਤੇ ਐਸ.ਐਮ.ਐਸ. ਲਗਾਉਣਾ ਲਾਜ਼ਮੀ ਬਣਾਉਣ।

ਆਵਾਜ਼ਿ ਕੌਮ
AWAZE QAUM
International Newspaper & WEB TV

ਉਹਨਾਂ ਦੱਸਿਆ ਕਿ ਐਸ.ਐਮ.ਐਸ ਤੋਂ ਬਿਨ੍ਹਾ ਕੰਬਾਈਨ ਨਾਲ ਕਟਾਈ ਕਰਨ ਵਾਲੇ ਕੰਬਾਈਨ ਮਾਲਕਾਂ ਵਿਰੁੱਧ ਪ੍ਰਸ਼ਾਸਨ ਵੱਲੋਂ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ, ਅੰਮ੍ਰਿਤਸਰ ਸ਼੍ਰੀ ਬਲਜਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਸੁਪਰ ਐਸ.ਐਮ.ਐਸ ਪਰਾਲੀ ਨੂੰ ਕੁਤਰਾ ਕਰਕੇ ਖੇਤ ਵਿੱਚ ਇੱਕਸਾਰਤਾ ਨਾਲ ਖਿਲਾਰਦਾ ਹੈ, ਜਿਸ ਨਾਲ ਪਰਾਲੀ ਜਲਦੀ ਸੁਕਦੀ ਹੈ ਅਤੇ ਕਣਕ ਦੀ ਬਿਜਾਈ ਲਈ ਵਰਤੇ ਜਾਣ ਵਾਲੇ




ਸੰਦਾਂ ਜਿਵੇਂ ਕਿ ਸੁਪਰ ਸੀਡਰ, ਸਾਮਾਰਟ ਸੀਡਰ ਅਤੇ ਹੈਪੀ ਸੀਡਰ ਦੀ ਖੇਤ ਵਿੱਚ ਕੰਮ ਕਰਨ ਦੀ ਸਮਰੱਥਾ ਵਿੱਚ ਵਾਧਾ ਹੁੰਦਾ ਹੈ।ਇਸ ਵਿੱਧੀ ਨਾਲ ਪਰਾਲੀ ਨੂੰ ਅੱਗ ਲਗਾਏ ਬਿਨ੍ਹਾਂ ਖੇਤ ਵਿੱਚ ਦਬਾਇਆ ਜਾਂਦਾ ਹੈ ਜਿਸ ਨਾਲ ਮਿੱਟੀ ਵਿੱਚ ਮੌਜੂਦ ਬੇਸ਼ਕੀਮਤੀ ਖੁਰਾਕੀ ਤੱਤ, ਮਿੱਤਰ ਕੀੜੇ ਅਤੇ ਸੂਖਮ ਜੀਵ ਵੱਧਦੇ ਹਨ ਅਤੇ ਮਿੱਟੀ ਦੀ ਸਹਿਤ ਨਰੋਈ ਹੁੰਦੀ ਹੈ।ਉਹਨਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਕਿਸਾਨ ਵੱਲੋਂ ਪੈਦਾ ਕੀਤਾ ਇੱਕ ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ ਪ੍ਰੰਤੂ ਕਟਾਈ ਸਮੇਂ ਫਸਲ ਵਿੱਚ ਨਮੀਂ ਮਿੱਥੇ ਗਏ ਮਾਪਦੰਡਾਂ ਅਨੁਸਾਰ ਹੋਣੀ ਚਾਹੀਦੀ ਹੈ।ਜਿਸ ਦੇ ਸਨਮੁੱਖ ਕੰਬਾਈਨ ਮਾਲਕਾਂ ਨੂੰ ਹਦਾਇਤ ਕੀਤੀ ਗਈ ਕਿ ਸੀਜ਼ਨ ਦੌਰਾਨ ਫਸਲ ਦੀ ਕਟਾਈ ਸਵੇਰੇ 10:00 ਵਜੇ ਤੋਂ ਸ਼ਾਮ 06:00 ਵਜੇ ਤੱਕ ਹੀ ਕੀਤੀ ਜਾਵੇ।ਸ਼੍ਰੀ ਮਨਦੀਪ ਸਿੰਘ ਸਹਾਇਕ ਖੇਤੀਬਾੜੀ ਇੰਜੀਨਿਅਰ (ਸੰਦ) ਵੱਲੋਂ ਦੱਸਿਆ ਗਿਆ ਕਿ 25 ਸਤੰਬਰ 2020 ਦੇ ਪੰਜਾਬ ਪ੍ਰਦੂਸਣ ਰੋਕਥਾਮ ਬੋਰਡ ਦੇ ਆਦੇਸ਼ਾਂ ਅਨੁਸਾਰ ਹੁਕਮਾਂ ਦੀ ਪਾਲਣਾ ਨਾ ਕਰਨ ਵਾਲੇ ਕੰਬਾਈਨ ਉਪਰੇਟਰਾਂ ਅਤੇ ਮਾਲਕਾਂ ਤੇ ਪਹਿਲੀ ਉਲੰਘਣਾ ਲਈ 50,000 ਰੁਪਏ , ਦੂਜੀ ਉਲੰਘਣਾ ਲਈ 75,000 ਅਤੇ ਤੀਜੀ ਅਤੇ ਉਸ ਤੋਂ ਬਾਅਦ ਦੀ ਹਰ ਉਲੰਘਣਾ ਲਈ 1,00,000 ਰੁਪਏ ਦਾ ਵਾਤਾਵਰਣ ਮੁਆਵਜ਼ਾ ਲਗਾਇਆ ਜਾਵੇਗਾ। ਇਸ ਮੌਕੇ ਕੰਬਾਈਨ ਮਾਲਕਾਂ ਵੱਲੋਂ ਜਮੀਨੀ ਪੱਧਰ ਤੇ ਪੇਸ਼ ਆ ਰਹੀਆਂ ਮੁਸ਼ਕਲਾਂ ਅਤੇ ਸੁਝਾਅ ਵੀ ਵਿਭਾਗ ਦੇ ਸਨਮੁੱਖ ਰੱਖੇ ਗਏ।ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ), ਅੰਮ੍ਰਿਤਸਰ ਮੈਡਮ ਅਮਨਦੀਪ ਕੌਰ ਨੇ ਉਹਨਾਂ ਨੂੰ ਵਿਸ਼ਵਾਸ ਦਵਾਇਆ ਕੇ ਉਹਨਾ ਦੀਆਂ ਜਾਇਜ਼ ਮੰਗਾ ਸਬੰਧੀ ਵਿਚਾਰ ਕੀਤਾ ਜਾਵੇਗਾ। ਇਸ ਮੌਕੇ ਰਮਨ ਕੁਮਾਰ ਵਿਸ਼ਾ ਵਸਤੂ ਮਾਹਿਰ (ਹੈਡਕੁਆਟਰ), ਸੁਖਚੈਨ ਸਿੰਘ ਵਿਸ਼ਾ ਵਸਤੂ ਮਾਹਿਰ (ਐਗਰੋਨੋਮੀ) ਅਤੇ ਸਤਵਿੰਦਰ ਸਿੰਘ ਵਿਸ਼ਾ ਵਸਤੂ ਮਾਹਿਰ (ਐਫ.ਐਮ.) ਹਾਜਰ ਸਨ। ਜਿਲ੍ਹੇ ਦੇ ਵੱਖ ਵੱਖ ਪਿੰਡਾਂ ਤੋਂ ਕੰਬਾਈਨ ਹਾਰਵੈਸਟਰ ਮਾਲਕਾਂ ਨੇ ਇਸ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ। ••


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

### ਸਾਂਝਾ ਉਪਰਾਲਾ ਅਧੀਨ ਐਨ ਜੀ ਓਜ਼ ਨਾਲ

# ਡਿਪਟੀ ਕਮਿਸ਼ਨਰ ਵਲੋਂ ਹੜ੍ਹ ਪ੍ਰਭਾਵਿਤਾਂ ਦੇ ਮੁੜ ਵਸੇਬਾ ਲਈ ਮੀਟਿੰਗ



**ਜੰਡਿਆਲਾ ਗੁਰੂ 14 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ ਵਲੋਂ ਅੱਜ ਸੰਸਦ ਮੈਂਬਰ ਸ੍ਰੀ ਵਿਕਰਮਜੀਤ ਸਿੰਘ ਸਾਹਨੀ ਅਤੇ ਵਿਧਾਇਕ ਸ੍ਰੀ ਕੁਲਦੀਪ ਸਿੰਘ ਧਾਲੀਵਾਲ ਦੀ ਹਾਜ਼ਰੀ ਵਿੱਚ ਐਨਜੀਓਜ਼ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਵਿੱਚ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਮੁੜ ਵਸੇਬਾ, ਜੀਵਿਕਾ ਦੀ ਬਹਾਲੀ ਅਤੇ ਸਰਦੀ ਦੇ ਮੌਸਮ ਲਈ ਤਿਆਰੀਆਂ ਬਾਰੇ ਵਿਚਾਰ-ਚਰਚਾ ਹੋਈ ਆਉਣ ਵਾਲੇ ਸਰਦੀ ਦੇ ਮੌਸਮ ਵਿੱਚ ਗਰਮ ਕੱਪੜਿਆਂ ਦੀ ਲੋੜ, ਕਿਸਾਨਾਂ ਦੇ ਖੇਤਾਂ ਵਿੱਚ ਜਮਾ ਹੋਈ ਰੇਤ ਹਟਾਉਣ ਲਈ ਭਾਰੀ ਮਸ਼ੀਨਰੀ (ਖ਼ਾਸ ਕਰਕੇ ਜੇਸੀਬੀ ਮਸ਼ੀਨਾਂ), ਲਗਭਗ 8,000 ਸਕੂਲ ਕਿਟਾਂ ਦੀ ਉਪਲਬਧਤਾ, ਸਵੈ ਸਹਾਇਤਾ ਗਰੁੱਪਾਂ ਦੇ ਕਾਰੋਬਾਰਾਂ (ਅਚਾਰ, ਹੈਂਡੀਕ੍ਰਾਫਟ ਆਦਿ) ਦੀ ਮੁੜ ਬਹਾਲੀ, ਪਸ਼ੂ-ਪਾਲਣ, ਪੋਲਟਰੀ ਫਾਰਮਾਂ ਅਤੇ ਖੇਤੀ ਲਈ ਲੋੜੀਂਦੇ ਡੀਜ਼ਲ ਅਤੇ ਕੈਮੀਕਲ ਦੀ ਜ਼ਰੂਰਤ ਉਤੇ ਵਿਚਾਰ ਕੀਤਾ ਗਿਆ। ਸੰਸਦ ਮੈਂਬਰ ਸ੍ਰੀ ਵਿਕਰਮਜੀਤ ਸਿੰਘ ਸਾਹਨੀ ਨੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਅਤੇ ਸਮੁੱਚੀ ਟੀਮ ਵੱਲੋਂ ਕੀਤੀ ਜਾ ਰਹੀ ਮਿਹਨਤ ਦੀ ਪ੍ਰਸ਼ੰਸਾ ਕਰਦਿਆਂ 5 ਜੇ ਸੀ ਬੀ ਮਸ਼ੀਨਾਂ ਰੇਤ ਹਟਾਉਣ ਲਈ ਦੇਣ ਦਾ ਐਲਾਨ ਕੀਤਾ। ਇਸ ਤੋਂ ਇਲਾਵਾ, ਉਹਨਾਂ ਵਲੋਂ ਇਹ ਵੀ ਐਲਾਨ ਕੀਤਾ ਗਿਆ ਕਿ ਸਨ ਫਾਊਂਡੇਸ਼ਨ ਸਕਿਲ ਸੈਂਟਰ ਵਲੋਂ ਮੁਫ਼ਤ ਪਲੰਬਰ ਅਤੇ ਇਲੈਕਟ੍ਰੀਸ਼ਨ ਸੇਵਾਵਾਂ ਪ੍ਰਭਾਵਿਤ ਪਰਿਵਾਰਾਂ ਨੂੰ ਉਪਲਬਧ ਕਰਵਾਈਆਂ ਜਾਣਗੀਆਂ ਐਨਜੀਓਜ਼ ਸਰਬਤ ਦਾ ਭਲਾ, ਪਿੰਗਲਵਾੜਾ, ਖਾਲਸਾ ਏਡ, ਰਿਲਾਇੰਸ ਫਾਊਂਡੇਸ਼ਨ, ਕਲਗੀਧਰ ਟਰੱਸਟ, ਰੈੱਡ ਕ੍ਰਾਸ ਸੋਸਾਇਟੀ ਅਤੇ ਹੋਰ ਸਥਾਨਕ ਸੰਸਥਾਵਾਂ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਲੋੜਵੰਦਾਂ ਦੀ ਸਹਾਇਤਾ ਲਈ ਦੇਣ ਦਾ ਭਰੋਸਾ ਦਿੱਤਾ ਗਿਆ ।ਵਿਧਾਇਕ ਸ੍ਰੀ ਕੁਲਦੀਪ ਸਿੰਘ ਧਾਲੀਵਾਲ ਨੇ ਵੀ ਇਸ ਸਾਂਝੇ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਅਤੇ ਆਪਣੇ ਹਲਕੇ ਦੇ ਲੋਕਾਂ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨ ਲਈ ਅਪੀਲ ਕੀਤੀ ।ਮੀਟਿੰਗ ਦਾ ਮੁੱਖ ਉਦੇਸ਼ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀ ਜੀਵਿਕਾ ਦੀ ਬਹਾਲੀ ਅਤੇ ਸਰਕਾਰ, ਸੰਸਦ, ਵਿਧਾਇਕਾਂ ਅਤੇ ਐਨਜੀਓਜ਼ ਵਿੱਚ ਪੂਰੀ ਤਰ੍ਹਾਂ ਸਹਿਯੋਗ ਯਕੀਨੀ ਬਣਾਉਣਾ ਰਿਹਾ। ਇਸ ਮੌਕੇ ਸਰਬੱਤ ਦਾ ਭਲਾ ਟਰਸਟ ਨੇ ਪਸ਼ੂ ਪਾਲਕਾਂ ਦੇ ਲਈ ਪਸ਼ੂ ਚਾਰੇ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੀ ਭਰੋਸਾ ਦਿੱਤਾ ।ਕਲਗੀਧਰ ਟਰਸਟ ਨੇ ਲੋੜਵੰਦਾਂ ਦੇਵ ਸੇਬੇ ਵਿੱਚ ਮਦਦ ਕਰਨ ਦਾ ਐਲਾਨ ਕੀਤਾ

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਵਧੀਕ ਸ੍ਰੀ ਰੋਹਿਤ ਗੁਪਤਾ ਸ੍ਰੀਮਤੀ ਅਮਨਦੀਪ ਕੌਰ, ਸਹਾਇਕ ਕਮਿਸ਼ਨਰ ਖੁਸ਼ਦੀਪ ਸਿੰਘ, ਸਰਬੱਤ ਦਾ ਭਲਾ ਟਰਸਟ ਵੱਲੋਂ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਸ੍ਰੀ ਸੁਖਦੀਪ ਸਿੰਘ ਸਿੱਧੂ, ਸ੍ਰੀ ਮਨਪ੍ਰੀਤ ਸਿੰਘ, ਰੈਡ ਕਰਾਸ ਦੇ ਸਕੱਤਰ ਸ੍ਰੀ ਸੈਮਸਨ ਮਸੀਹ, ਵੱਖ ਵੱਖ ਜਥੇਬੰਦੀਆਂ ਦੇ ਵਲੰਟੀਅਰ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**☛ ਸੰਸਦ ਮੈਂਬਰ ਸਾਹਨੀ ਨੇ ਪ੍ਰਭਾਵਿਤ ਇਲਾਕੇ ਲਈ ਪੰਜ ਜੇਸੀਬੀ ਮਸ਼ੀਨਾਂ ਦੇਣ ਦਾ ਕੀਤਾ ਐਲਾਨ ☛ ਵਿਧਾਇਕ ਧਾਲੀਵਾਲ ਨੇ ਸਾਂਝੇ ਉਪਰਾਲੇ ਮਿਸ਼ਨ ਦੀ ਕੀਤੀ ਸ਼ਲਾਘਾ**

### ਸਿਹਤ ਵਿਭਾਗ ਤਲਵੰਡੀ ਸਾਬੋ ਅਧੀਨ

# ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲਗਾਏ ਗਏ ਮੈਡੀਕਲ ਕੈਂਪ



**ਤਲਵੰਡੀ ਸਾਬੋ, 14 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਹੁਕਮਾਂ ਅਨੁਸਾਰ, ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ, ਜੋਤੀ ਕੌਸ਼ਲ ਦੇ ਦਿਸ਼ਾ ਨਿਰਦੇਸ਼ ਅਤੇ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਬਲਾਕ ਤਲਵੰਡੀ ਸਾਬੋ ਅਧੀਨ ਸਰਕਾਰ ਵੱਲੋਂ ਐਲਾਨੇ ਗਏ ਹੜ੍ਹ ਪ੍ਰਭਾਵਿਤ ਇਲਾਕੇ ਵਿੱਚ ਸਿਹਤ ਸਹੂਲਤਾਂ ਦੇਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਐਸਐਮਓ ਤਲਵੰਡੀ ਸਾਬੋ ਡਾ ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਮੈਡੀਕਲ ਕੈਂਪ, ਘਰਾਂ ਵਿੱਚ ਬਿਮਾਰੀਆਂ ਦਾ ਸਰਵੇਖਣ ਕਰਨ ਲਈ ਅਤੇ ਲਾਰਵਾ ਨਸ਼ਟ ਕਰਨ ਲਈ ਸਬੰਧ ਸਟਾਫ਼ ਨਾਲ ਮੀਟਿੰਗ ਕੀਤੀ ਜਿਸ ਵਿੱਚ ਮੈਡੀਕਲ ਅਫ਼ਸਰ, ਸੀ.ਐਚ.ਓ, ਮਲਟੀਪਰਪਜ ਹੈਲਥ ਸੁਪਰਵਾਈਜਰ ਮੇਲ ਅਤੇ ਫੀਮੇਲ, ਮਲਟੀਪਰਪਜ ਹੈਲਥ ਵਰਕਰ ਮੇਲ ਅਤੇ ਫੀਮੇਲ ਨੂੰ ਕੈਂਪ ਵਿੱਚ ਪ੍ਰਭਾਵਿਤ ਇਲਾਕਾ ਨਿਵਾਸੀਆਂ ਨੂੰ ਐਲਰਜੀ ਅਤੇ ਇਨਫੈਕਸ਼ਨ ਤੋਂ ਰਾਹਤ ਲਈ ਲੋੜ ਅਨੁਸਾਰ ਦਵਾਈ ਦੇਣ ਲਈ ਕਿਹਾ ਗਿਆ ਅਤੇ ਆਸ਼ਾ ਵਰਕਰ ਨੂੰ ਸੁਚਾਰੂ ਢੰਗ ਨਾਲ ਸਰਵੇਖਣ ਕਰਨ ਲਈ ਕਿਹਾ ਗਿਆ ਤਾਂ ਜੋ ਕਿਸੇ ਵੀ ਕਿਸਮ ਦੀ ਬਿਮਾਰੀ ਦਾ ਫੈਲਾ ਨਾ ਹੋਵੇ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਟੀਮਾਂ ਵੱਲੋਂ ਘਰ ਘਰ ਜਾ ਕੇ ਸਰਵੇ ਕੀਤਾ ਗਿਆ, ਘਰਾਂ ਵਿੱਚ ਲੋਕਾਂ ਨੂੰ ਮੱਛਰਾਂ ਦੀ ਪੈਦਾਵਾਰ ਨੂੰ ਰੋਕਣ ਲਈ ਸਮਝਾਇਆ ਗਿਆ, ਖਾਣ ਪੀਣ ਵਾਲੀਆਂ ਵਸਤੂਆਂ ਨੂੰ ਢੱਕ ਕੇ ਰੱਖਣ ਦੀ ਅਪੀਲ ਕੀਤੀ ਗਈ, ਪਾਣੀ ਉਬਾਲ ਕੇ ਪੀਣ ਬਾਰੇ ਦੱਸਿਆ ਗਿਆ, ਕੋਈ ਵੀ ਸਰੀਰਕ ਤਕਲੀਫ ਜਿਵੇਂ ਕਿ ਬੁਖਾਰ, ਮਲੇਰੀਏ ਦੇ ਲੱਛਣ ਪਾਏ ਜਾਣ 'ਤੇ ਮਲੇਰੀਏ ਦੇ ਟੈਸਟ ਕੀਤੇ ਗਏ, ਚਮੜੀ ਅੱਖਾਂ ਦੀ ਇੰਫੈਕਸ਼ਨ ਹੋਣ ਤੇ ਤਰੁੰਤ ਨੇੜੇ ਦੀ ਸਰਕਾਰੀ ਸਿਹਤ ਸੰਸਥਾਵਾਂ ਤੋਂ ਚੈਕਿੰਗ ਕਰਵਾਕੇ ਮੁਫ਼ਤ ਦਵਾਈਆਂ ਲੈਣ ਲਈ ਲੋਕਾਂ ਨੂੰ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਪ੍ਰੇਰਿਤ ਕੀਤਾ ਜਾ ਰਿਹਾ। ਇਸ ਮੌਕੇ ਕਲੋਰੀਨ ਦੀਆਂ ਗੋਲੀਆਂ ਵੀ ਵੰਡੀਆਂ ਗਈਆਂ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਤਲਵੰਡੀ ਸਾਬੋ ਅਧੀਨ 6 ਮੈਡੀਕਲ ਕੈਂਪ ਲਗਾਏ ਗਏ। ਆਸ਼ਾ ਵਰਕਰਾਂ ਵੱਲੋਂ ਘਰ-ਘਰ ਜਾ ਕੇ ਸਰਵੇਖਣ ਕੀਤਾ ਗਿਆ ਅਤੇ ਮਲਟੀਪਰਪਜ ਹੈਲਥ ਵਰਕਰ ਮੇਲ ਵੱਲੋਂ ਮਲੇਰੀਏ ਦੀ ਟੈਸਟਿੰਗ ਅਤੇ ਡੇਂਗੂ ਦਾ ਲਾਰਵਾ ਨਸ਼ਟ ਕਰਵਾਇਆ ਗਿਆ।

**ਮੈਡੀਕਲ ਕੈਂਪ ਅਤੇ ਸਰਵੇਖਣ ਨੂੰ ਸੁਚਾਰੂ ਢੰਗ ਨਾ ਨੇਪਰੇ ਚੜ੍ਹਾਉਣ ਲਈ ਸਮੂਹ ਸਟਾਫ਼ ਨਾਲ ਕੀਤੀ ਗਈ ਮੀਟਿੰਗ**

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਰੋਇਲ ਬੁਟੀਕ ਜ਼ਿਲਾ ਬਰਨਾਲਾ ਵਿਖੇ 7ਵਾਂ ਸਿਖਲਾਈ ਸਿਲਾਈ ਕੈਂਪ ਦਾ ਉਦਘਾਟਨ ਕੀਤਾ ਗਿਆ



**ਬਰਨਾਲਾ, 13 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਔਰਤਾਂ ਨੂੰ ਸਮਾਜਿਕ ਅਤੇ ਆਰਥਿਕ ਪੱਧਰ ਉੱਤੇ ਮਜ਼ਬੂਤ ਕਰਨ ਲਈ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ ਤਿੰਨ ਮਹੀਨੇ ਦੇ ਸਿਖਲਾਈ ਕੈਂਪਾਂ ਦੀ ਮੁਹਿੰਮ ਚਲਾ ਰਿਹਾ ਹੈ। ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਰੋਇਲ ਬੁਟੀਕ ਜ਼ਿਲਾ ਬਰਨਾਲਾ ਵਿਖੇ ਸਿਲਾਈ ਕੈਂਪ ਦੀ ਕੀਤੀ ਗਈ ਸ਼ੁਰੂਆਤ। ਇਸ ਕੈਂਪ ਦੀ ਟ੍ਰੇਨਰ ਬੀਬੀ ਲਵਪ੍ਰੀਤ ਕੌਰ ਜੀ ਅਤੇ ਬੀਬੀ ਰਵੀਜੋਤ ਕੌਰ ਜੀ ਹਨ। ਇਸ ਕੈਂਪ ਦੇ ਉਦਘਾਟਨ ਸਮੇਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਬਰਨਾਲਾ ਦੀ ਜਥੇਬੰਦੀ ਦੇ ਬੀਬੀ ਭੁਪਿੰਦਰਜੀਤ ਕੌਰ ਬਿਰਦੀ ਜੀ ਜੱਥੇਬੰਦਕ ਸਕੱਤਰ ਇਸਤਰੀ ਵਿੰਗ ਜ਼ਿਲਾ ਬਰਨਾਲਾ, ਸ. ਦਰਸ਼ਨ ਸਿੰਘ ਮੰਡੇਰ ਜੀ ਪ੍ਰਧਾਨ ਜ਼ਿਲਾ ਬਰਨਾਲਾ, ਅਵਤਾਰ ਸਿੰਘ ਜੀ ਪ੍ਰਧਾਨ ਮੁਲਾਜ਼ਮ ਵਿੰਗ ਜ਼ਿਲਾ ਬਰਨਾਲਾ, ਬੀਬੀ ਸੁਰਿੰਦਰ ਕੌਰ ਜਿਲਾ ਪ੍ਰਧਾਨ ਇਸਤਰੀ ਵਿੰਗ, ਡਾ. ਜਗਰੂਪ ਸਿੰਘ ਜੀ, ਸਿਮਰਤ ਸਿੰਘ ਜੀ, ਮੌਜੂਦ ਸਨ। ਪਾਰਟੀ ਦੇ ਆਗੂਆਂ ਨੇ ਸਿਖਲਾਈ ਲੈਣ ਆਈਆਂ ਬੱਚੀਆਂ ਨੂੰ ਹੱਥੀਂ ਕੰਮ ਸਿੱਖ ਕੇ ਆਪਣੇ ਆਪ ਨੂੰ ਮਾਨਸਿਕ ਅਤੇ ਆਰਥਿਕ ਪੱਖੋਂ ਮਜ਼ਬੂਤ ਹੋਣ ਲਈ ਪ੍ਰੇਰਿਤ ਕੀਤਾ। ਇੰਨਾਂ ਸਿਖਲਾਈ ਕੈਂਪਾਂ ਰਾਹੀਂ ਤਿੰਨ ਮਹੀਨੇ ਸਿਲਾਈ ਅਤੇ ਕਢਾਈ ਦੀ ਸਿਖਲਾਈ ਦਿੱਤੀ ਜਾਏਗੀ। ਤਿੰਨ ਮਹੀਨੇ ਦੇ ਇਸ ਕੈਂਪ ਦੇ ਅੰਤ ਉੱਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਤਿੰਨ ਮਹੀਨੇ ਦਾ ਕੋਰਸ ਕਰਣ ਵਾਲੀਆਂ ਬੀਬੀਆਂ ਨੂੰ ਅਤੇ ਕੈਂਪ ਚਲਾਉਣ ਵਾਲੀ ਬੀਬੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ✵✥☛✝⬅✥⬅✵▲✝✥ ਵੀ ਦਿੱਤਾ ਜਾਏਗਾ। ਇਸ ਕੈਂਪ ਵਿੱਚ ਸਿਖਲਾਈ ਕੈਂਪ ਲਗਾਉਣ ਪਹੁੰਚੀਆਂ ਬੱਚੀਆਂ ਜਸਜੋਤ ਕੌਰ, ਜਸ਼ਨਪ੍ਰੀਤ ਕੌਰ, ਨੀਤੂ, ਸ਼ਿਵਾਨੀ ਮਹਿਰਾ, ਸਿਮਰਨ ਕੌਰ, ਹਰਪ੍ਰੀਤ ਕੌਰ, ਲਵਾਇਨਾ, ਬਿੰਦਰ ਕੌਰ ਸਨ। ਪਾਰਟੀ ਵੱਲੋਂ ਲਗਾਏ ਜਾ ਰਹੇ ਇੰਨਾਂ ਸਾਰੇ ਕੈਂਪਾਂ ਦੀ ਜ਼ਿੰਮੇਵਾਰੀ ਰਸ਼ਿਪੰਦਰ ਕੌਰ ਗਿੱਲ ਜਨਰਲ ਸਕੱਤਰ ਪੰਜਾਬ ਇਸਤਰੀ ਵਿੰਗ ਦੀ ਰਹੇਗੀ। ਸਿਖਲਾਈ ਕੈਂਪਾਂ ਬਾਰੇ ਵਧੇਰੇ ਜਾਣਕਾਰੀ ਲਈ ਰਸ਼ਿਪੰਦਰ ਕੌਰ ਗਿੱਲ ਜੀ ਨਾਲ +91-9888697078 -ਸੰਪਰਕ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰਭਾਵਿਤ ਪਰਿਵਾਰਾਂ ਦੇ ਮੁੜ ਵਸੇਬੇ ਲਈ ਵਰਦਾਨ ਸਾਬਤ ਹੋ ਰਿਹਾ ਹੈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ੁਰੂ ਕੀਤਾ "ਸਾਂਝਾ ਉਪਰਾਲਾ"

### ਸਮਾਜ ਸੇਵੀ ਸੰਸਥਾਵਾਂ ਨੇ ਹੜ੍ਹ ਪੀੜ੍ਹਤਾਂ ਦੀ ਫੜੀ ਬਾਂਹ



**ਜੰਡਿਆਲਾ ਗੁਰੂ 14 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਹੜ੍ਹ ਪ੍ਰਭਾਵਿਤ ਲੋਕਾਂ ਦੇ ਰਾਹਤ ਲਈ ਕੰਮ ਕਰ ਰਹੇ ਜਿਲਾ ਪ੍ਰਸ਼ਾਸਨ ਅੰਮ੍ਰਿਤਸਰ ਦੇ ਅਧਿਕਾਰੀਆਂ ਨੇ ਪ੍ਰਭਾਵਿਤ ਇਲਾਕੇ ਦੇ ਲੋੜਵੰਦ ਪਰਿਵਾਰਾਂ ਨੂੰ ਪੈਰਾਂ ਸਿਰ ਕਰਨ ਲਈ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਦੀ ਅਗਵਾਈ ਹੇਠ ਛੇ ਮਹੀਨੇ ਤੱਕ ਚੱਲਣ ਵਾਲੀ ਯੋਜਨਾਬੰਦੀ ਕੀਤੀ ਗਈ ਹੈ । ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਇਸ ਕੰਮ ਲਈ ਪੰਜਾਬ ਸਰਕਾਰ ਦੇ ਨਾਲ ਨਾਲ ਸਮਾਜ ਸੇਵੀ ਸੰਸਥਾਵਾਂ, ਜਥੇਬੰਦੀਆਂ ਅਤੇ ਹੋਰ ਦਾਨੀ ਪੁਰਸ਼ਾਂ ਦਾ ਸਾਥ ਲੈ ਕੇ ਸਾਂਝਾ ਉਪਰਾਲਾ ਸ਼ੁਰੂ ਕੀਤਾ ਗਿਆ ਹੈ, ਜਿਸ ਦਾ ਮੁੱਖ ਮਕਸਦ ਅਜਿਹੇ ਪਰਿਵਾਰਾਂ ਦੀ ਸਹਾਇਤਾ ਕਰਨਾ ਹੈ, ਜੋ ਹੜਾਂ ਨਾਲ ਪ੍ਰਭਾਵਿਤ ਹੋਏ ਸਨ ਅਤੇ ਜਿਨਾਂ ਦੇ ਘਰ ਅਤੇ ਕਾਰੋਬਾਰ ਪੂਰੀ ਤਰ੍ਹਾਂ ਨੁਕਸਾਨੇ ਗਏ ਹਨ। ਅਜਿਹੇ ਪਰਿਵਾਰਾਂ ਦੀ ਮਦਦ ਕਰਨ ਵਾਸਤੇ ਸ਼ੁਰੂ ਕੀਤਾ ਗਿਆ ਸਾਂਝਾ ਉਪਰਾਲਾ ਪੀੜਤ ਪਰਿਵਾਰਾਂ ਲਈ ਇੱਕ ਵੱਡਾ ਵਰਦਾਨ ਸਾਬਿਤ ਹੋ ਰਿਹਾ ਹੈ ਉਥੇ ਇਸ ਵਿੱਚ ਸਹਿਯੋਗ ਕਰਨ ਲਈ ਵੱਡੀਆਂ ਐਨ ਜੀ ਓ ਅਤੇ ਦਾਨੀ ਪੁਰਸ਼ ਅੱਗੇ ਆ ਰਹੇ ਹਨ। ਡਿਪਟੀ ਕਮਿਸ਼ਨਰ ਨੇ ਇਸ ਨੇਕ ਕੰਮ ਦੀ ਜ਼ਿੰਮੇਵਾਰੀ ਲਈ ਨੋਡਲ ਅਧਿਕਾਰੀ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਨਦੀਪ ਕੌਰ ਨੂੰ ਬਣਾਇਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਾਂਝੇ ਉਪਰਾਲੇ ਤਹਿਤ ਕਈ ਸਮਾਜਸੇਵੀ ਸੰਸਥਾਵਾਂ ਵੱਖ ਵੱਖ ਪਿੰਡਾਂ ਵਿੱਚ ਲੋੜਵੰਦਾਂ ਦੀ ਮਦਦ ਕਰ ਰਹੀਆਂ ਹਨ। ਇਸੇ ਹੀ ਤਹਿਤ ਕਲਗ.ੀਧਰ ਟਰਸੱਟ ਗੁਰੂਦਵਾਰਾ ਬੜੂ ਸਾਹਿਬ ਵਲੋਂ ਪਿੰਡ ਘੋਨੇਵਾਲ ਤਹਿਸੀਲ ਰਾਮਦਾਸ ਵਿਖੇ ਪੱਖੇ, ਮੋਟਰ, ਵਾਸ਼ਿੰਗ ਮਸ਼ੀਨ, ਕੂਲਰ, ਰਿਪੇਅਰ ਦੀ ਸੇਵਾ ਚੱਲ ਰਹੀ ਹੈ। ਉਹਨਾਂ ਕਿਹਾ ਕਿ ਕਲਗੀਧਰ ਟਰਸਟ ਵੱਲੋਂ ਪੀੜਿਤ ਪਰਿਵਾਰਾਂ ਦੀ ਹੋਰ ਸੰਭਵ ਸਹਾਇਤਾ ਵੀ ਕੀਤੀ ਜਾ ਰਹੀ ਹੈ ਅਤੇ ਉਹਨਾਂ ਦੇ ਵਲੰਟੀਅਰ ਘਰ ਘਰ ਜਾ ਕੇ ਪੀੜਤ ਪਰਿਵਾਰਾਂ ਦੀ ਸਾਰ ਲੈ ਰਹੇ ਹਨ। ਟਰਸਟ ਵੱਲੋਂ ਹੀ ਬੇਘਰ ਹੋਏ ਲੋਕਾਂ ਨੂੰ ਤੁਰੰਤ ਛੱਤ ਦੇਣ ਲਈ ਫੈਬਰੀਕੇਟਿਡ ਮਕਾਨ ਬਣਾਉਣ ਦਾ ਵੀ ਐਲਾਨ ਕੀਤਾ ਗਿਆ ਹੈ। ਇਸੇ ਤਰ੍ਹਾਂ ਸਰਬੱਤ ਦਾ ਭਲਾ ਟਰਸਟ ਨੇ ਪਸ਼ੂਆਂ ਦੇ ਚਾਰੇ ਦੀ ਸਪਲਾਈ ਬੀਬੀ ਕੌਲਾਂ ਸੰਸਥਾ ਨੇ ਲੋੜਵੰਦਾਂ ਨੂੰ ਪਸ਼ੂ ਧਨ ਦੇਣ, ਸੰਸਦ ਮੈਂਬਰ ਸ੍ਰੀ ਵਿਕਰਮਜੀਤ ਸਾਨੀ ਨੇ ਰੇਤਾ ਕੱਢਣ ਲਈ ਪੰਜ ਜੀਸੀਬੀ ਮਸ਼ੀਨਾਂ, ਉਹਨਾਂ ਦੀ ਹੀ ਸੰਸਥਾ ਸਨ ਫਾਊਂਡੇਸ਼ਨ ਨੇ ਲੋੜਵੰਦ ਘਰਾਂ ਦੀ ਰਿਪੇਅਰ ਕਰਨ ਲਈ ਪਲੰਬਰ ਅਤੇ ਇਲੈਕਟ੍ਰੀਸ਼ੀਅਨ ਦੇਣ ਦਾ ਐਲਾਨ ਕੀਤਾ ਹੈ ਉਹਨਾਂ ਕਿਹਾ ਕਿ ਅਜਿਹੇ ਪਰਿਵਾਰਾਂ ਨੂੰ ਘਰ ਬਣਾ ਕੇ ਦੇਣ ਅਤੇ ਉਹਨਾਂ ਦੇ ਕਾਰੋਬਾਰ ਫਿਰ ਸਥਾਪਿਤ ਕਰਨ ਲਈ ਸਾਨੂੰ ਤਿੰਨ ਤੋਂ ਛੇ ਮਹੀਨੇ ਦਾ ਸਮਾਂ ਲੱਗੇਗਾ। ਇਸ ਲਈ ਅਸੀਂ ਹੜ ਦਾ ਪਾਣੀ ਉਤਰਨ ਉਪਰੰਤ ਇਨਾ ਘਰਾਂ ਦਾ ਵਿਸ਼ੇਸ਼ ਸਰਵੇ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ ਵਿਸਥਾਰਤ ਰਿਪੋਰਟ ਤਿਆਰ ਕਰਕੇ ਕਿਸ ਪਿੰਡ ਵਿੱਚ, ਕਿਸ ਵਿਅਕਤੀ ਨੂੰ ਕੀ ਲੋੜ ਹੈ। ਉਹਨਾਂ ਦੱਸਿਆ ਕਿ ਇਸ ਅਨੁਸਾਰ ਅਸੀਂ ਪੰਜਾਬ ਸਰਕਾਰ ਦੇ ਨਾਲ ਨਾਲ ਹੋਰ ਸੰਸਥਾਵਾਂ ਦਾ ਸਾਥ ਲੈ ਕੇ ਇਹਨਾਂ ਪੀੜਤ ਪਰਿਵਾਰਾਂ ਨੂੰ ਮੁੜ ਪੈਰਾਂ ਸਿਰ ਕਰਾਂਗੇ। ਉਹਨਾਂ ਕਿਹਾ ਕਿ ਇਸ ਕੰਮ ਵਿੱਚ ਸਾਥ ਦੇਣ ਵਾਲੀਆਂ ਸੰਸਥਾਵਾਂ ਜ਼ਿਲ੍ਹਾ ਲੋਕ ਸੰਪਰਕ ਅਫਸਰ ਅੰਮ੍ਰਿਤਸਰ ਦੇ ਈਮੇਲ dproamritsarC@gmail.com ਜ਼ਰੀਏ ਸਾਡੇ ਨਾਲ ਸੰਪਰਕ ਕਰ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਸੇਵਾ ਸੁਸਾਇਟੀ ਤੇ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਦੀ ਪ੍ਰਬੰਧਕ ਕਮੇਟੀ ਵੱਲੋਂ ਬਾਬਾ ਜੀਵਨ ਸਿੰਘ ਜੀ ਦੇ

# ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ



**ਜੰਡਿਆਲਾ ਗੁਰੂ, 14 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਗੁਰਦੁਆਰਾ ਬਾਬਾ ਦੀਪ ਸਿੰਘ ਸਾਹਿਬ ਜੀ ਵਡਾਲੀ ਡੋਗਰਾਂ ਅੰਮ੍ਰਿਤਸਰ ਵਿਖੇ ਬੀਤੇ ਦਿਨ ਧੰਨ ਧੰਨ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ,ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਰਜਿ ਪਿੰਡ ਵਡਾਲੀ ਡੋਗਰਾਂ ਵੱਲੋਂ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਕਰਵਾਇਆ ਗਿਆ !ਪੁਰਬ ਨੂੰ ਸਮਰਪਿਤ ਸ਼ਾਮ ਨੂੰ 5.30 ਤੋਂ 7 ਵਜੇ ਤੱਕ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਸੰਧਿਆ ਦੇ ਮੌਕੇ ਸ਼੍ਰੀ ਰਹਿਰਾਸ ਸਾਹਿਬ ਜੀ ਦੇ ਪਾਠ ਭਾਈ ਪ੍ਰਗਟ ਸਿੰਘ ਵੱਲੋਂ ਕੀਤੇ ਗਏ। ਸੰਧਿਆ ਦੀ ਸਮਾਪਤੀ ਤੋਂ ਉਪਰੰਤ ਸ੍ਰੋਮਣੀ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਜੀ ਜੰਡਿਆਲਾ ਗੁਰੂ ਵੱਲੋਂ ਕਥਾ ਵੀਚਾਰਾਂ ਰਾਹੀਂ ਸੰਗਤਾਂ ਨਾਲ ਸਾਂਝ ਪਾਈ ਗਈ ਅਤੇ ਬਾਬਾ ਜੀਵਨ ਸਿੰਘ ਜੀ ਦੇ ਇਤਿਹਾਸ ਤੋਂ ਜਾਣੂੰ ਕਰਵਾਇਆ ਗਿਆ ਅਤੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਤਾਬਦੀ ਬਾਰੇ ਵੀਚਾਰਾਂ ਦੀ ਸਾਂਝ ਪਾਈ ਅਤੇ ਮਾਪਿਆਂ ਨੂੰ ਬੇਨਤੀ ਕੀਤੀ ਕਿ ਆਪਣੇ ਬੱਚਿਆਂ ਨੂੰ ਗੁਰੂ ਵਾਲੇ ਅਤੇ ਬਾਣੀ ਬਾਣੇ ਦੇ ਧਾਰਨੀ ਬਣਾਓ ਤਾਂ ਜੋ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ , ਕਥਾ ਵਿਚਾਰਾਂ ਤੋਂ ਉਪਰੰਤ ਭਾਈ ਇਕਬਾਲ ਸਿੰਘ ਮਨਾਵਾਂ ਕੀਰਤਨੀ ਜਥਾ ( ਸ੍ਰੀ ਅੰਮ੍ਰਿਤਸਰ ਸਾਹਿਬ )ਵਾਲਿਆਂ ਵੱਲੋਂ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦੇ ਰਸ ਭਿੰਨੇ ਕੀਰਤਨ ਸਰਵਣ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ।ਅਤੇ ਸਮਾਪਤੀ ਮੌਕੇ ਗੁਰੂ ਘਰ ਦੇ ਗ੍ਰੰਥੀ ਸਿੰਘ ਭਾਈ ਸਾਹਿਬ ਜੀ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਉਪਰੰਤ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਅਤੇ ਸਮਾਗਮ ਵਿੱਚ ਪਹੁੰਚੇ ਪ੍ਰਚਾਰਕ ਅਤੇ ਕੀਰਤਨੀ ਜਥੇ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਅਤੇ ਸਨਮਾਨ ਚਿੰਨ੍ਹ ਦੇ ਕਿ ਸਨਮਾਨਿਤ ਕੀਤਾ ਗਿਆ।ਆਈਆਂ ਸੰਗਤਾਂ ਨੂੰ ਗੁਰੂ ਕੇ ਅਤੁੱਟ ਲੰਗਰ ਛਕਾਏ ਗਏ । ਸਮਾਪਤੀ ਮੌਕੇ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁਕਰਾਨਾ ਕਰਦਿਆਂ ਹੋਇਆ ਆਈਆਂ ਸਮੂਹ ਸੰਗਤਾਂ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ ਇਸ ਮੌਕੇ ਮੀਤ ਪ੍ਰਧਾਨ ਅਤੇ ਪਿੰਡ ਦੇ ਸਰਪੰਚ ਸੰਦੀਪ ਸਿੰਘ ਮੌਜੀ , ਖ਼ਜਾਨਚੀ ਦਵਿੰਦਰਪਾਲ ਸਿੰਘ ਗੋਰਾ , ਜਨਰਲ ਸਕੱਤਰ ਜੋਬਨਬੀਰ ਸਿੰਘ ਸਿੰਘ ਵਡਾਲੀ , ਪੰਚਾਇਤੀ ਮੈਂਬਰ ਬਿਕਰਮਜੀਤ ਸਿੰਘ, ਪੰਚਾਇਤ ਮੈਂਬਰ ਬਲਵੰਤ ਸਿੰਘ , ਭਾਈ ਦੀਦਾਰਪ੍ਰੀਤ ਸਿੰਘ ਮਾਨਵਾ, ਭਾਈ ਹਰਪ੍ਰੀਤ ਸਿੰਘ , ਗੁਰਵਿੰਦਰ ਸਿੰਘ ਡਾਇਮੰਡ ਕਲੋਨੀ, ਕਰਨਦੀਪ ਸਿੰਘ, ਕਰਨਬੀਰ ਸਿੰਘ, ਗੁਰਪ੍ਰੀਤ ਸਿੰਘ ਗੋਪੀ , ਕਸ਼ਮੀਰ ਸਿੰਘ , ਅਰਸ਼ਦੀਪ ਸਿੰਘ ਆਦਿ ਹਾਜ਼ਰ ਸਨ।

# ਪੰਥਕ ਕੌਂਸਲ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਹੋਈ ਮੀਟਿੰਗ

**ਫ਼ਿਰੋਜ਼ਪੁਰ, 14 ਸਤੰਬਰ (ਮਨੋਹਰ ਲਾਲ) :—** ਪੰਥਕ ਕੌਂਸਲ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਜ਼ਿਲ੍ਹਾ ਫ਼ਿਰੋਜ਼ਪੁਰ ਦੇ ਆਗੂਆਂ ਦੀ ਇਕੱਤਰਤਾ ਗੁਰਦੁਆਰਾ ਪ੍ਰਗਟ ਸਾਹਿਬ ਵਿਖੇ ਹੋਈ। ਇਸ ਮੀਟਿੰਗ ਦਾ ਮੁੱਖ ਮੰਤਵ ਹੜ੍ਹ ਪ੍ਰਭਾਵਿਤ ਲੋਕਾਂ ਦੀ ਢੁਕਵੇਂ ਢੰਗ ਨਾਲ ਸੇਵਾ ਕਰਨ ਦੀ ਵਿਉਂਤਬੰਦੀ ਬਣਾਉਣਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਦੱਸਿਆ ਕਿ ਖਾਲਸਾ ਪੰਥ ਅਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਕਰਨ ਵਾਲੀਆਂ ਸੰਸਥਾਵਾਂ, ਪੰਥਕ ਕੌਂਸਲ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਮਜ਼ਬੂਤ ਕਰਨਾ ਹੈ। ਇਸ ਮੀਟਿੰਗ ਵਿਚ ਇਲਾਕਾ ਨਿਵਾਸੀਆਂ ਵਿਚੋ ਹਰਦੇਵ ਸਿੰਘ ਹਾਮਦ, ਬਲਦੇਵ ਸਿੰਘ ਮਾਹਮੂਜੂਈਆਂ, ਸਵਰਨ ਸਿੰਘ ਚੱਕ ਸੋਮੀਆ ਨੇ ਬੋਲਦਿਆਂ ਕਿਹਾ ਕਿ ਲੋਕ ਆਪਣਾ ਮਨ ਬਣਾ ਚੁੱਕੇ ਹਨ ਕਿ ਨਵੇਂ ਸ਼੍ਰੋਮਣੀ ਅਕਾਲੀ ਦਲ ਨੂੰ ਸ਼ਕਤੀਸ਼ਾਲੀ ਬਣਾਉਣਾ ਅਤੇ ਬਾਦਲ ਅਕਾਲੀ ਦਲ ਨੂੰ ਭਜਾਉਣਾ ਹੀ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਬਾਦਲ ਅਕਾਲੀ ਦਲ ਨੂੰ ਲੋਕਾਂ ਨੇ ਪੰਥਕ ਦਲ ਸਮਝ ਕੇ ਰਾਜ ਭਾਗ ਦਿੱਤਾ, ਪਰ ਇਨ੍ਹਾਂ ਸਮੇਂ ਪੰਥਕ ਸਿਧਾਂਤਾਂ, ਮਰਿਯਾਦਾ, ਪਰੰਪਰਾਵਾਂ ਅਤੇ ਪੰਜਾਬ ਦਾ ਵੱਡਾ ਨੁਕਸਾਨ ਕੀਤਾ। ਗੱਲਬਾਤ ਕਰਦਿਆਂ ਡਾਕਟਰ ਮੁਖਤਿਆਰ ਸਿੰਘ ਭੁੱਲਰ ਨੇ ਕਿਹਾ ਕਿ ਸਿੱਖ ਧਰਮ ਸਭਨਾਂ ਦਾ ਸਾਂਝਾ ਧਰਮ ਹੈ, ਇਹ ਧਰਮ ਸਭਨਾਂ ਨੂੰ ਜੋੜਦਾ ਅਤੇ ਸਭਨਾਂ ਨੂੰ ਇਨਸਾਫ਼ ਦਿਵਾਉਂਦਾ ਹੈ। ਉਨ੍ਹਾਂ ਕਿਹਾ ਕਿ ਸਾਰੇ ਧਰਮਾਂ ਦੇ ਸੰਤਾਂ ਮਹਾਂਪੁਰਖਾਂ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ਼ ਕਰਕੇ ਬਰਾਬਰਤਾ ਦਾ ਮਾਨ ਸਨਮਾਨ ਗੁਰੂ ਸਾਹਿਬ ਜੀ ਵੱਲੋਂ ਦਿੱਤਾ ਹੋਇਆ ਹੈ। ਭਾਈ ਰਾਜ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਧਰਮ ਕਿਸੇ ਨਾਲ ਵੈਰ ਵਿਰੋਧ ਨਹੀਂ ਰਖਦਾ ਹਰ ਰੋਜ਼ ਹਰ ਥਾਂ ਤੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਾ ਹੈ। ਉਨ੍ਹਾਂ ਕਿਹਾ ਕਿ ਸਾਡੇ ਵੱਡੇ ਵਡੇਰਿਆਂ ਨੇ ਕੁਰਬਾਨੀਆਂ ਦੇ ਕੇ ਪੰਥ ਅਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਬਣਿਆ ਸੀ ਪਰ ਮਾੜੀ ਸੋਚ ਵਾਲੇ ਲੋਕਾਂ ਦਾ ਇਸ ਤੇ ਕਬਜ਼ਾ ਹੋਣ ਕਰਕੇ ਵਾੜ ਹੀ ਖੇਤ ਨੂੰ ਖਾਣ ਲੱਗ ਪਈ ਹੈ। ਗੱਲਬਾਤ ਕਰਦਿਆਂ ਜਸਪਾਲ ਸਿੰਘ ਮੈਨੇਜਰ ਨੇ ਕਿਹਾ ਕਿ ਸਿੱਖਾਂ ਦੀਆਂ ਸਿਰਮੌਰ ਸੰਸਥਾਵਾਂ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਬੰਧ ਯੋਗ ਸਿੱਖਾਂ ਦੇ ਹੱਥ ਵਿੱਚ ਦੇਣ ਲਈ ਹਰ ਇਲਾਕੇ ਵਿੱਚੋ ਚੰਗੇ ਕਿਰਦਾਰ ਵਾਲੇ ਲੋਕਾਂ ਨੂੰ ਸੰਗਤਾਂ ਅੱਗੇ ਲੈਕੇ ਆਉਣ, ਪੰਜਾਬ ਦੇ ਲੋਕ ਨੇ ਆਪਣਾਂ ਮਨ ਬਣਾਇਆ ਹੋਇਆ ਹੈ ਕਿ ਨਵੇਂ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਕੇ ਪੰਥ ਅਤੇ ਪੰਜਾਬ ਦੇ ਸਾਰੇ ਮਸਲੇ ਹੱਲ ਕੀਤੇ ਜਾ ਸਕਦੇ ਹਨ। ਭਾਈ ਸੁਬੇਗ ਸਿੰਘ ਅਤੇ ਜਥੇਦਾਰ ਕਰਨੈਲ ਸਿੰਘ ਨੇ ਮੀਟਿੰਗ ਵਿੱਚ ਸੰਗਤ ਨੂੰ ਪੁਰਜ਼ੋਰ ਅਪੀਲ ਕੀਤੀ ਗਈ ਕਿ ਘਰਾਂ ਵਿੱਚ ਬੈਠੇ ਪੰਥਕ ਦਰਦੀ ਇੱਕ ਪਲੇਟ ਫਾਰਮ ਤੇ ਇਕੱਠੇ ਹੋ ਕੇ ਸਿੱਖ ਪੰਥ ਅਤੇ ਪੰਜਾਬ ਦੇ ਹੱਕਾਂ ਦੀ ਰਾਖੀ ਕਰਨ ਵਾਲੀ ਸੰਸਥਾ ਵਿੱਚ ਆਪਣਾਂ ਯੋਗਦਾਨ ਪਾਉਣ। ਭਾਈ ਦਵਿੰਦਰ ਸਿੰਘ ਸੇਖੋਂ ਅਤੇ ਮਾਨ ਸਿੰਘ ਕਿਲੀ ਨੇ ਮਿਸ਼ਨ ਸਤਿਲੁਜ ਵੱਲੋਂ ਹੜ੍ਹ ਪੀੜਤ ਪਰਿਵਾਰਾਂ ਲਈ ਕੀਤੀ ਜਾ ਰਹੀ ਸੇਵਾ ਬਾਰੇ ਚਾਨਣਾ ਪਾਇਆ। ਹਾਜ਼ਰ ਸੰਗਤਾਂ ਵਲੋਂ ਪੂਰਨ ਉਤਸ਼ਾਹ ਨਾਲ ਵਿਚਾਰ ਸੁਣੇ ਗਏ ਅਤੇ ਜੈਕਾਰਿਆ ਦੀ ਗੂੰਜ ਨਾਲ ਸਹਿਮਤੀ ਪ੍ਰਗਟਾਈ ਅਤੇ ਘਰ—ਘਰ ਜਾ ਕੇ ਚੱਲ ਰਹੀ ਭਰਤੀ ਮੁਹਿੰਮ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਲਈ ਵਾਅਦੇ ਕੀਤੇ। ਇਸ ਮੀਟਿੰਗ ਵਿੱਚ ਭਾਈ ਬਲਜਿੰਦਰ ਸਿੰਘ ਨੇ ਸਟੇਜ ਦੀ ਸੇਵਾ ਨਿਭਾਈ। ਹੋਰਨ ਤੋਂ ਇਲਾਵਾ ਮੀਟਿੰਗ ਵਿੱਚ ਪੰਥਕ ਆਗੂ ਸਵਰਨ ਸਿੰਘ ਅਲਫੂ ਕੇ, ਸੁਰਜੀਤ ਸਿੰਘ ਅਲਫੂ ਕੇ, ਸ਼ੁਬੇਗ ਸਿੰਘ ਬਸਤੀ ਅਜ਼ੀਜ਼ ਵਾਲੀ, ਸਵਰਨ ਸਿੰਘ ਚੱਕ ਸੋਮੀਆ, ਅਮਰਜੀਤ ਸਿੰਘ ਭੂਰੇ ਕਲਾ, ਜਸਪਾਲ ਸਿੰਘ ਬਸਤੀ ਪ੍ਰੀਤਮ ਸਿੰਘ ਵਾਲੀ, ਕੁਲਜੀਤ ਸਿੰਘ ਲੋਪੋਂ, ਸ਼ੰਗਾਰਾ ਸਿੰਘ ਸੋਢੀ, ਬਲਜਿੰਦਰ ਸਿੰਘ ਡੋਡੇ, ਪ੍ਰੇਮ ਸਿੰਘ ਹਾਮਦ, ਬਗ਼ੀਚਾ ਸਿੰਘ ਅਲਫੂਕੇ, ਸਤਿਨਾਮ ਸਿੰਘ ਫਿਰੋਜ਼ਪੁਰ ਆਦਿ ਨੇ ਵੀ ਸ਼ਮੂਲੀਅਤ ਕੀਤੀ।



# ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵਸਤੀ ਰੱਤੋ ਕੇ ਦਾਖਲੀ ਬੰਗੂ ਵਾਲਾ ਵਿਖੇ ਮੈਡੀਕਲ ਕੈਂਪ ਅਤੇ ਲੰਗਰ ਲਗਾਇਆ—ਭਾਈ ਰਣਜੀਤ ਸਿੰਘ ਰੱਤੋਕੇ






**ਫ਼ਿਰੋਜ਼ਪੁਰ, 14 ਸਤੰਬਰ (ਮਨੋਹਰ ਲਾਲ) :—** ਇੰਟਰਨੈਸ਼ਨਲ ਪੰਥਕ ਦਲ ਵੱਲੋਂ ਫ਼ਿਰੋਜ਼ਪੁਰ ਅਤੇ ਪੰਜਾਬ ਵਿਚ ਹੜ੍ਹ ਪੀੜਤਾਂ ਲਈ ਮੈਡੀਕਲ ਕੈਂਪ ਅਤੇ ਹੋਰ ਘਰੇਲੂ ਸਮਾਨ, ਪਸ਼ੂਆਂ ਲਈ ਤੂੜ, ਫੀਡ ਅਤੇ ਹੋਰ ਸਮਾਨ ਦਿੱਤਾ ਜਾ ਰਿਹਾ ਹੈ। ਇਸ ਮੌਕੇ ਤੇ ਵਸਤੀ ਰੱਤੋ ਕੇ ਦਾਖਲੀ ਬੰਗੂ ਵਾਲਾ ਨੇ ਦੱਸਿਆ ਕਿ ਇਸ ਵੇਲੇ ਸਤਲੁਜ਼ ਦਰਿਆ ਵਿਚ ਪਾਣੀ ਘੱਟ ਗਿਆ ਹੈ, ਇਸ ਲਈ ਕਿਸਾਨਾਂ ਨੂੰ ਡੀ.ਏ.ਪੀ ਖਾਦ, ਹਰਾ ਚਾਰਾ, ਡੀਜਲ, ਬੀਜ ਦਿੱਤੇ ਜਾਣ ਤਾਂ ਕਿ ਉਹ ਆਪਣੀ ਡੁੱਬੀ ਹੋਈ ਫਸਲ ਵਾਹ ਕੇ ਕਣਕ ਬੀਜਣ ਦੀ ਤਿਆਰੀ ਕਰ ਸਕਣ। ਇਸ ਮੌਕੇ ਤੇ ਕੁਲਵੰਤ ਸਿੰਘ, ਬਲਜੀਤ ਸਿੰਘ ਅਤੇ ਹੋਰ ਸਾਥੀ ਹਾਜ਼ਰ ਸਨ।

# ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤਰਵੈਨੀ ਚੌਂਕ ਬਜ਼ਾਰ ਨੰਬਰ 7 ਦੀ ਕਾਰ ਸੇਵਾ ਸ਼ੁਰੂ



ਫ਼ਿਰੋਜ਼ਪੁਰ, 14 ਸਤੰਬਰ (ਮਨੋਹਰ ਲਾਲ) :— ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤਰਵੈਨੀ ਚੌਂਕ ਬਜ਼ਾਰ ਨੰਬਰ 7 ਫ਼ਿਰੋਜ਼ਪੁਰ ਛਾਉਣੀ ਦੇ ਮੀਂਹ ਨਾਲ ਹਰ ਵਾਰੀ ਛੱਤ ਵਿਚ ਪਾਣੀ ਵਗਦਾ ਰਹਿੰਦਾ ਸੀ, ਇਸ ਬਾਰੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਧਾਨ ਜ਼ੋਰਾ ਸਿੰਘ ਸੰਧੂ ਅਤੇ ਅਮਰੀਕ ਸਿੰਘ ਗੋਰਾ ਦੇ ਉਪਰਾਲੇ ਨਾਲ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਸ ਗੁਰਦੁਆਰਾ ਸਾਹਿਬ ਉਪਰ ਟਾਇਲਾਂ ਲਾਉਣ ਦਾ ਕੰਮ ਚੱਲ ਰਿਹਾ ਹੈ। ਇਸ ਬਾਰੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਅਹੁਦੇਦਾਰ ਅਮਰੀਕ ਸਿੰਘ ਗੋਰਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਛੱਤ ਜ਼ੋ ਪੁਰਾਣੀ ਬਾਲਿਅ ਨਾਲ ਬਣੀ ਹੈ ਅਤੇ ਉਪਰ ਮਿੱਟੀ ਪਾਈ ਹੋਈ ਹੈ, ਜ਼ੋ ਕਿ ਹਰ ਬਰਸਾਤਾਂ ਤੇ ਛੱਤ ਵਿਚ ਪਾਣੀ ਡਿੱਗਦਾ ਸੀ ਅਤੇ ਇਸ ਨਾਲ ਗੁਰੂ ਸਾਹਿਬ ਜੀ ਨੂੰ ਕਈ ਹੋਰ ਥਾਂ ਤੇ ਆਸਨ ਕੀਤਾ ਜਾਂਦਾ ਸੀ, ਇਸ ਨੂੰ ਵੇਖਦੇ ਹੋਏ ਇਸ ਉਪਰ ਟਾਈਲਾਂ ਲਾਉਣ ਦਾ ਕੰਮ ਚੱਲ ਰਿਹਾ ਹੈ। ਸੰਗਤਾਂ ਅੱਗੇ ਬੇਨਤੀ ਹੈ ਕਿ ਉਹ ਤਨ, ਮਨ, ਧਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

# ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਫ਼ਿਰੋਜ਼ਪੁਰ ਜ਼ਿਲ੍ਹੇ ਵਿਚ ਆਏ ਹੜ੍ਹ ਪੀੜਤਾਂ ਦੀ ਮੱਦਦ ਲਈ ਵਿਸ਼ੇਸ਼ ਮੀਟਿੰਗ




**ਫ਼ਿਰੋਜ਼ਪੁਰ, 14 ਸਤੰਬਰ (ਮਨੋਹਰ ਲਾਲ) :—** ਇਸ ਵਾਰ ਸਤਲੁਜ਼ ਦਰਿਆ ਦੀ ਕਰੋਪੀ ਅਤੇ ਸਤਲੁਜ਼ ਦਰਿਆ ਦੇ ਨਾਲ ਵਸਦੇ ਪਿੰਡਾਂ ਵਿਚ ਹੜ੍ਹਾਂ ਨਾਲ ਲੋਕਾਂ ਦਾ ਜਾਨੀ ਅਤੇ ਮਾਲੀ ਨੁਕਸਾਨ ਹੋਇਆ ਹੈ ਅਤੇ ਹੜ੍ਹ ਨਾਲ ਲੋਕਾਂ ਦੀਆਂ ਪੱਕੀਆਂ ਫਸਲਾਂ ਤਬਾਹ ਹੋ ਗਈਆਂ ਹਨ, ਉਥੇ ਲੋਕਾਂ ਦੀਆਂ ਮੱਝਾਂ, ਗਾਵਾਂ ਅਤੇ ਹੋਰ ਪਸ਼ੂ ਦਰਿਆ ਵਿਚ ਰੁੜ ਗਏ ਹਨ ਅਤੇ ਹੜ੍ਹਾਂ ਵਿਚ ਕੀਮਤੀ ਜਾਨਾਂ ਚਲੀਆਂ ਗਈਆਂ ਹਨ। ਇਸ ਸਬੰਧ ਵਿਚ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਇਕ ਵਿਸ਼ੇਸ਼ ਮੀਟਿੰਗ ਸੀਨੀਅਰ ਸਿਟੀਜਨ ਫੋਰਮ ਦੇ ਪ੍ਰਧਾਨ ਸ੍ਰੀ ਪਰਦੀਪ ਧਵਨ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਬਾਗਬਾਨ ਦਫਤਰ ਮਖੂ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਹੋਈ। ਇਸ ਮੀਟਿੰਗ ਵਿਚ ਪਿਛਲੇ ਦਿਨੀਂ ਸਤਲੁਜ਼ ਦਰਿਆ ਵਿਚ ਆਏ ਹੜ੍ਹਾਂ ਅਤੇ ਬਾਰਸ਼ਾਂ ਕਾਰਨ ਪਿੰਡਾਂ ਵਿਚ ਭਾਰੀ ਤਬਾਹੀ ਕਾਰਨ ਜਾਨ ਮਾਲ ਦਾ ਨੁਕਸਾਨ ਹੋਇਆ, ਜਿਸ ਬਾਰੇ ਅੱਜ ਹਾਜ਼ਰ ਮੈਂਬਰਾਂ ਨੇ ਹੜ੍ਹਾਂ ਵਿਚ ਮਾਰੇ ਗਏ ਲੋਕਾਂ ਦੀ ਯਾਦ ਵਿਚ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ। ਹਾਜ਼ਰ ਮੈਂਬਰਾਂ ਨੇ ਹੜ੍ਹ ਪੀੜਤਾਂ ਦੀ ਮੱਦਦ ਲਈ ਸਿਨੀਅਰ ਸਿਟੀਜਨ ਫੋਰਮ ਵੱਲੋਂ ਇਕ 11 ਮੈਂਬਰੀ ਕਮੇਟੀ ਬਣਾਉਣ ਦਾ ਸੁਝਾਅ ਦਿੱਤਾ, ਜਿਸ ਤੇ ਕਾਰਜਕਾਰਨੀ ਵੱਲੋਂ ਸ੍ਰੀ ਪ੍ਰਦੀਪ ਧਵਨ ਪ੍ਰਧਾਨ ਦੀ ਅਗਵਾਈ ਵਿਚ ਇਕ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਹ ਕਮੇਟੀ ਹੜ੍ਹ ਪੀੜਤਾਂ ਨਾਲ ਪ੍ਰਭਾਵਿਤ ਪਿੰਡਾਂ ਵਿਚ ਜਾ ਕੇ ਪੀੜਤ ਲੋਕਾਂ ਦੀਆਂ ਲੋੜਾਂ ਬਾਰੇ ਜਾਣਕਾਰੀ ਹਾਸਲ ਕਰੇਗੀ ਤਾਂ ਕਿ ਪੀੜਤ ਲੋਕਾਂ ਨੂੰ ਲੋੜੀਂਦੀ ਸਹਾਇਤਾ ਸਮੇਂ ਸਿਰ ਦਿੱਤੀ ਜਾ ਸਕੇ। ਇਹ ਕਿ 11 ਮੈਂਬਰ ਜਿਹੜੇ ਹੜ੍ਹ ਪੀੜਤਾਂ ਕੋਲ ਜਾਣਗੇ, ਉਨ੍ਹਾਂ ਵਿਚ ਪਰਵੀਨ ਧਵਨ, ਪਰਵੀਨ ਤਲਵਾੜ, ਦੇਸ ਬੰਧੂ ਤੁਲੀ, ਸਤੀਸ਼ ਪੁਰੀ, ਹਰੀਸ਼ ਮੌਂਗਾ, ਰਕੇਸ਼ ਸ਼ਰਮਾ, ਮੋਹਿੰਦਰ ਸਿੰਘ ਧਾਲੀਵਾਲ, ਸੁਰਿੰਦਰ ਸਿੰਘ ਬਲਾਸੀ, ਪ੍ਰੋਫੈਸਰ ਜੀ.ਐਸ ਮਿੱਤਲ, ਮਨੋਹਰ ਲਾਲ, ਪਰਦੀਪ ਧਵਨ ਹੋਣਗੇ। ਅਖੀਰ ਵਿਚ ਗੁਰੂ ਕਾ ਲੰਗਰ, ਚਾਹ ਦਾ ਲੰਗਰ ਵਰਤਾਇਆ ਗਿਆ।

# ਭਾਈ ਸੰਦੀਪ ਸਿੰਘ ਸੰਨੀ ਦੇ ਹੱਕ ਵਿਚ ਸਮੁੱਚੀਆਂ ਪੰਥਕ ਸੰਸਥਾਵਾਂ, ਜਥੇਬੰਦੀਆਂ ਪੰਥ ਦਰਦੀਆਂ ਨੂੰ ਖੜਨ ਦੀ ਅਪੀਲ : ਪੰਥਕ ਜਥੇਬੰਦੀਆਂ ਜਰਮਨੀ

# ਪ੍ਰਧਾਨ ਮੰਤਰੀ ਬਾਜੇ ਕੇ ਨਾਲ ਸੀਆਰਪੀ ਵਲੋਂ ਕੇਸਾਂ ਦੀ ਕੀਤੀ ਗਈ ਬੇਅਦਬੀ ਦੀ ਸਖ਼ਤ ਨਿੰਦਾ



**ਨਵੀਂ ਦਿੱਲੀ 14 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:-ਜਰਮਨੀ ਦੀਆਂ ਪੰਥਕ ਜਥੇਬੰਦੀਆਂ ਦੇ ਆਗੂ ਸਹਿਬਾਨਾ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ ਭਾਈ ਰਾਜਿੰਦਰ ਸਿੰਘ ਬੱਬਰ, ਸਿੱਖ ਫੈਡਰੇਸ਼ਨ ਜਰਮਨੀ ਪ੍ਰਧਾਨ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਦਲ ਖਾਲਸਾ ਜਰਮਨੀ ਪ੍ਰਧਾਨ ਭਾਈ ਹਰਮੀਤ ਸਿੰਘ, ਭਾਈ ਅੰਗਰੇਜ਼ ਸਿੰਘ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਪ੍ਰਧਾਨ ਭਾਈ ਲਖਵਿੰਦਰ ਸਿੰਘ ਮੱਲ੍ਹੀ ਅਤੇ ਅਮ੍ਰਿਤਸਰ ਅਕਾਲੀ ਦਲ ਜਰਮਨੀ ਪ੍ਰਧਾਨ ਭਾਈ ਹੀਰਾ ਸਿੰਘ ਮੱਤੇਵਾਲ ਆਦਿ ਸਿੰਘਾਂ ਨੇ ਕਿਹਾ ਕਿ ਪਟਿਆਲਾ ਜੇਲ ਵਿੱਚ ਨਜ਼ਰਬੰਦ ਭਾਈ ਸੰਦੀਪ ਸਿੰਘ ਸਨੀ ਦੇ ਅਹਾਤੇ ਵਿੱਚ ਜੇਲ੍ਹ ਅਧਿਕਾਰੀਆਂ ਨੇ ਜਾਣ ਬੁੱਝ ਕੇ ਬਹੁਤ ਹੀ ਸੋਚੀ ਸਮਝੀ ਸਾਜ਼ਿਸ਼ ਤਹਿਤ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਸਜਾ ਆਫਤ ਤਿੰਨ ਪੁਲਿਸ ਅਧਿਕਾਰੀਆਂ ਨੂੰ ਪਾਇਆ। ਜਿਸ ਦਾ ਕਿ ਭਾਈ ਸੰਦੀਪ ਸਿੰਘ ਸਨੀ ਵਲੋਂ ਵਿਰੋਧ ਵੀ ਕੀਤਾ ਗਿਆ ਪਰ ਕੋਈ ਸੁਣਵਾਈ ਨਹੀ ਹੋਈ। ਇਹ ਸਭ ਕੁਝ ਪਹਿਲਾਂ ਤਹਿ ਸ਼ੁਦਾ ਨੀਤੀ ਨਾਲ ਹੀ ਹੋਇਆ ਸੀ। ਭਾਈ ਸੰਦੀਪ ਸਿੰਘ ਲੱਗਭਗ ਤਿੰਨ ਸਾਲ ਤੋਂ ਦੂਜੇ ਕੈਦੀਆਂ ਅਤੇ ਮੁਲਾਜ਼ਮਾਂ ਨਾਲ ਬਹੁਤ ਹੀ ਵਧੀਆ ਵਿਹਾਰ ਨਾਲ ਵਿਚਰ ਰਹੇ ਸਨ। ਭਾਵੇਂ ਕਿ ਇਨ੍ਹਾਂ ਬੁੱਚੜ ਪੁਲਿਸ ਵਾਲਿਆਂ ਨੂੰ ਸਜ਼ਾ ਹੋ ਗਈ ਸੀ ਪਰ ਇਨ੍ਹਾਂ ਦਾ ਹੰਕਾਰ ਨਹੀ ਸੀ ਗਿਆ। ਕਿਉਂਕਿ ਇਨ੍ਹਾਂ ਦੇ ਮੂੰਹ ਨੂੰ ਨਿਰਦੋਸ਼ਾਂ ਦਾ ਖ਼ੂਨ ਹੀ ਇੰਨਾ ਲੱਗਿਆ ਹੋਇਆ ਸੀ। ਜੁਝਾਰੂ ਸਿੰਘਾਂ ਦੇ ਪਰਿਵਾਰਾਂ ਤੇ ਇਨ੍ਹਾਂ ਨੇ ਉਹ ਕਹਿਰ ਢਾਹਿਆ ਸੀ ਜੋ ਬਿਆਨ ਵੀ ਨਹੀ ਕੀਤਾ ਜਾ ਸਕਦਾ। ਉਸੇ ਗਲਤ ਫਹਿਮੀ ਵਿੱਚ ਇਹ ਇਸ ਸਿੰਘ ਤੇ ਹਮਲਾਵਰ ਹੋ ਕੇ ਆਏ। ਪਰ ਇਨ੍ਹਾਂ ਨੂੰ ਇਹ ਭੁੱਲ ਗਿਆ ਸੀ ਕਿ ਉਦੋਂ ਇਹ ਸਿੰਘਾਂ ਨੂੰ ਹਥਕੜੀਆਂ ਵਿੱਚ ਜਕੜ ਕੇ ਮੁਕਾਬਲੇ ਬਣਾਉਂਦੇ ਸਨ, ਅੱਜ ਇਨ੍ਹਾਂ ਦਾ ਬਾਹ ਇੱਕ ਖੁੱਲੇ ਸ਼ੇਰ ਨਾਲ ਪੈਣਾ ਹੈ। ਬੱਸ ਫਿਰ ਕੀ ਸੀ ਸਿੰਘ ਗੁਰੂ ਦਾ ਓਟ ਆਸਰਾ ਲੈ ਕੇ ਇਵੇਂ ਟੁੱਟ ਪਿਆ ਜਿਵੇਂ ਦਸਮ ਪਿਤਾ ਦਾ ਥਾਪੜਾ ਲੈ ਕੇ ਭਾਈ ਬਚਿੱਤਰ ਸਿੰਘ ਮਸਤ ਹਾਥੀ ਤੇ ਪਿਆ ਸੀ। ਆਪਣੇ ਆਪ ਨੂੰ ਸੂਬਾ ਸਰਹਿੰਦ ਕਹਾਉਣ ਵਾਲਾ ਬੁੱਚੜ ਤੇ ਹਸਪਤਾਲ ਵਿੱਚ ਵੈਲਟੀਨੇਟਰ ਤੇ ਪਿਆ ਹੈ। ਜੋ ਵਰਤਾਰਾ ਹੁਣ ਜੇਲ੍ਹ ਪ੍ਰਸ਼ਾਸਨ ਭਾਈ ਸੰਦੀਪ ਸਿੰਘ ਸਨੀ ਨਾਲ ਕਰ ਰਿਹਾ ਹੈ ਇਹ ਬਰਦਾਸ਼ਤ ਯੋਗ ਨਹੀ ਹੈ। ਇਸ ਦੇ ਸਿੱਟੇ ਬਹੁਤ ਗੰਭੀਰ ਹੋਣਗੇ। ਦੂਜੇ ਪਾਸੇ ਬਠਿੰਡਾ ਜੇਲ੍ਹ ਵਿੱਚ ਨਜ਼ਰਬੰਦ ਪ੍ਰਧਾਨ ਮੰਤਰੀ ਬਾਜੇ ਕੇ ਨਾਲ ਵੀ ਬਿਹਾਰੀ ਸੀਆਰਪੀ ਵਾਲਿਆਂ ਨੇ ਬਹੁਤ ਕੁੱਟ ਮਾਰ ਕੀਤੀ ਹੈ। ਉਸਦੇ ਕੇਸਾਂ ਦੀ ਬੇਅਦਬੀ ਕੀਤੀ ਹੈ ਜੋ ਕਿ ਅੱਤ ਨਿੰਦਣ ਯੋਗ ਘਟਨਾ ਹੈ। ਅਸੀਂ ਸਮੂੰਹ ਪੰਥ ਦਰਦੀਆਂ, ਪੰਥਕ ਸੰਸਥਾਵਾ, ਜਥੇਬੰਦੀਆਂ ਨੂੰ ਬੇਨਤੀ ਕਰਦੇ ਹਾਂ ਕਿ ਆਪਣੇ ਇਨ੍ਹਾਂ ਸਿੰਘਾਂ ਦਾ ਡੱਟ ਕੇ ਸਾਥ ਦਿੱਤਾ ਜਾਵੇ। ਤਾਂ ਕਿ ਜ਼ਾਲਿਮ ਪ੍ਰਸ਼ਾਸਨ ਨੂੰ ਠੱਲ੍ਹ ਪਾਈ ਜਾਵੇ। ਅੰਤ ਵਿਚ ਉਨ੍ਹਾਂ ਕਿਹਾ ਕਿ ਨੇਪਾਲ ਦੀ ਤਾਜਾ ਉਦਾਹਰਣ ਸਭ ਦੇ ਸਾਹਮਣੇ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਵੱਖ-ਵੱਖ ਧਾਰਮਿਕ ਰਾਜਨੀਤਿਕ ਆਗੂਆਂ ਵੱਲੋਂ

# ਪਵਿੱਤਰ ਸਿੰਘ ਸਿੱਧੂ ਨੂੰ ਕੀਤੀ ਗਈ ਸ਼ਰਧਾਂਜਲੀ ਭੇਟ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਦਿਨੀਂ ਸਮਾਜ ਸੇਵੀ ਪਵਿੱਤਰ ਸਿੰਘ ਸਿੱਧੂ ਅਚਾਨਕ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਪਰਿਵਾਰ ਵੱਲੋਂ ਉਨ੍ਹਾਂ ਦੇ ਨਮਿਤ ਸ੍ਰੀ ਸਹਿਜ ਪਾਠ ਸਾਹਿਬ ਆਪਣੇ ਘਰ ਵਿਖੇ ਪ੍ਰਕਾਸ ਕਰਵਾਏ ਗਏ ਸਨ, ਜਿਨਾਂ ਦੇ ਭੋਗ ਉਪਰੰਤ ਕੀਰਤਨ ਦੌਰਾਨ ਗੁਰੂ ਜਸ ਨਾਲ ਜੋੜਨਾ ਕੀਤਾ ਗਿਆ ਉਸ ਤੋਂ ਬਾਅਦ ਅੰਤਿਮ ਅਰਦਾਸ ਵਿੱਚ ਵੱਖ-ਵੱਖ ਧਾਰਮਿਕ ਰਾਜਨੀਤਿਕ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਰਾਜਬੀਰ ਸਿੰਘ ਘਰਾਚੋਂ ਓਐਸਡੀ ਮੁੱਖ ਮੰਤਰੀ ਪੰਜਾਬ, ਬਲਤੇਜ ਸਿੰਘ ਪੰਨੂ ਮੀਡੀਆ ਸਲਾਹਕਾਰ ਮੁੱਖ ਮੰਤਰੀ ਪੰਜਾਬ, ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਡਾਕਟਰ ਅਨਵਰ ਭਸੌੜ, ਪ੍ਰੋ ਓਂਕਾਰ ਸਿੰਘ ਸਿੱਧੂ, ਅੰਮ੍ਰਿਤ ਬਰਾੜ, ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਸ੍ਰੀ ਅਰਵਿੰਦ ਖੰਨਾ ਆਗੂ ਬੀਜੇਪੀ ਪੰਜਾਬ, ਜਸਵੀਰ ਸਿੰਘ ਜੱਸੀ ਸੇਖੋਂ, ਦਲਵੀਰ ਸਿੰਘ ਗੋਲਡੀ ਖੰਗੂੜਾ, ਸੁਭਮ ਸਰਮਾ, ਸਤਿੰਦਰ ਸਿੰਘ ਚੱਠਾ ਹਰਦੀਪ ਸਿੰਘ ਦੌਲਤਪੁਰ, ਧਰਮਿੰਦਰਜੀਤ ਸਿੰਘ ਦੁੱਲਟ, ਰਣਜੀਤ ਸਿੰਘ ਰੰਧਾਵਾ ਸੀਨੀਅਰ ਆਗੂ ਅਕਾਲੀ ਦਲ, ਨਰਿੰਦਰ ਸਿੰਘ ਕਾਲਾਬੂਲਾ ਅਕਾਲੀ ਦਲ ਮਾਨ, ਜਸਵਿੰਦਰ ਸਿੰਘ ਰਿਖੀ, ਮਿੰਟੂ ਔਲਖ, ਸਰਪੰਚ ਦਲਜੀਤ ਸਿੰਘ ਘਰਾਚੋਂ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਜਸਵੰਤ ਸਿੰਘ ਭੱਠਲ, ਨਰੇਸ਼ ਸਿੰਗਲਾ, ਮਨਿੰਦਰ ਸਿੰਘ ਬਿੰਨਰ, ਸ, ਮੋਹਨ ਸਿੰਘ ਕੱਕੜਵਾਲ, ਰਮਨ ਜਵੰਧਾ, ਅਰਸ ਧੂਰੀ ਨਵਜੋਤ ਕੌਰ, ਹਰਦੀਪ ਸਿੰਘ, ਡਾਕਟਰ ਬੂਟਾ ਸਿੰਘ ਮੂਲੋਂਵਾਲ, ਨੰਬਰਦਾਰ ਰਜਿੰਦਰ ਸਿੰਘ, ਦਰਸਨ ਸਿੰਘ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਵਾਰਿਸ ਪੰਜਾਬ ਜਥੇਬੰਦੀ ਵੱਲੋਂ ਪੰਜਾਬ ਵਿਚ 21 ਕੈਂਪ ਹੜ੍ਹ ਪੀੜਤਾਂ ਵੱਲੋਂ ਕੈਂਪ ਲਾਇਆ ਹੋਇਆ ਹੈ—ਭਾਈ ਕਰਨਵੀਰ ਸਿੰਘ




ਫ਼ਿਰੋਜ਼ਪੁਰ, 14 ਸਤੰਬਰ (ਮਨੋਹਰ ਲਾਲ) :— ਵਾਰਿਸ ਪੰਜਾਬ ਜਥੇਬੰਦੀ ਵੱਲੋਂ ਪੰਜਾਬ ਵਿਚ 21 ਕੈਂਪ ਲਾਏ ਹੋਏ ਹਨ, ਜਿਸ ਤਹਿਤ ਦਾਸ ਦੀ ਡਿਊਟੀ ਪਿੰਡ ਹਾਮਦ ਚੱਕ ਵਿਖੇ ਲੱਗੀ ਹੈ ਅਤੇ ਅਸੀਂ ਆਪਣੀ ਸਾਰੀ ਟੀਮ ਮੈਡੀਕਲ ਟੀਮ ਹਰ ਪਿੰਡ—ਪਿੰਡ ਜਾ ਕੇ ਹੜ੍ਹ ਪੀੜਤਾਂ ਦੀਆਂ ਮੁਸ਼ਿਕਲਾਂ ਸੁਣ ਕੇ ਉਨ੍ਹਾਂ ਲਈ ਲੋੜੀਂਦਾ ਸਮਾਨ ਭੇਜਿਆ ਜਾ ਰਿਹਾ ਹੈ। ਇਸ ਮੌਕੇ ਤੇ ਅਸੀਂ ਟਰੈਕਟਰ ਰਾਹੀਂ ਮੇਰੇ ਸਾਥੀ ਅਸਮੀਤ ਸਿੰਘ ਵਿਦਿਆਰਥੀ ਜਥੇਬੰਦੀ ਸੱਥ ਮੀਤ ਪ੍ਰਧਾਨ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੀ ਸਾਡੇ ਨਾਲ ਟੀਮ ਵਿਚ ਪਿੰਡਾਂ ਵਿਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ ਹੈ, ਪਿੰਡਾਂ ਵਾਲਿਆਂ ਨੇ ਦੱਸਿਆ ਕਿ ਹੁਣ ਸਾਨੂੰ ਪਸ਼ੂਆਂ ਲਈ ਹਰਾ ਚਾਰਾ, ਤੂੜੀ, ਫੀਡ ਦਿੱਤੀ ਜਾਵੇ, ਜਦ ਕਿ ਸਾਡੀ ਇਹ ਫਸਲ ਤਬਾਹ ਹੋ ਗਈ ਹੈ, ਉਸ ਲਈ ਬੀਜ, ਡੀਜਲ, ਡੀ.ਏ.ਪੀ ਖਾਦ ਦਿੱਤਾ ਜਾਵੇ। ਇਸ ਤੋਂ ਇਲਾਵਾ ਪਾਣੀ ਨਾਲ ਸਾਡੇ ਘਰ ਤਬਾਹ ਹੋ ਗਏ ਹਨ, ਉਨ੍ਹਾਂ ਨੂੰ ਦੁਬਾਰਾ ਬਣਾ ਕੇ ਜਾਂ ਮੁਰੰਮਤ ਕੀਤੇ ਜਾਣ, ਭਾਈ ਕਰਨਵੀਰ ਨੇ ਕਿਹਾ ਕਿ ਕੋਈ ਵੀ ਸੰਗਤ ਪੈਸਾ ਨਾ ਦੇਵੇ, ਸਾਨੂੰ ਸਿਰਫ ਤੇ ਸਿਰਫ ਡੀਜਲ, ਖਾਦ ਅਤੇ ਬੀਜ ਹੀ ਦਿੱਤੇ ਜਾਣ ਅਤੇ ਹੁਣ ਪਸ਼ੂਆਂ ਲਈ ਤੂੜੀ, ਹਰਾ ਚਾਰਾ, ਫੀਡ ਦਿੱਤੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਗੁਰੂ ਬਾਗ ਤੋਂ 17 ਸਤੰਬਰ ਨੂੰ ਸ਼ੁਰੂ ਹੋਣ ਵਾਲੀ ਸ਼ਹੀਦੀ ਜਾਗਰੂਤੀ ਯਾਤਰਾ ਦੀ ਸ਼੍ਰੀ ਆਨੰਦਪੁਰ ਸਾਹਿਬ ਪਹੁੰਚ ਕੇ ਹੋਏਗੀ ਪੂਰਨਤਾ - ਜਗਜੋਤ ਸਿੰਘ ਸੋਹੀ

## ਮੁੱਖ ਮੰਤਰੀ ਨੀਤਿਸ਼ ਕੁਮਾਰ ਅਤੇ ਹੋਰ ਸੰਤ ਮਹਾਤਮਿਆਂ ਦੀ ਗਰਿਮਾਮਈ ਹਾਜ਼ਰੀ 'ਚ ਹੋਏਗੀ ਰਵਾਨਗੀ



**ਨਵੀਂ ਦਿੱਲੀ, 14 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਤਖ਼ਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ, ਬਿਹਾਰ ਸਰਕਾਰ ਦੇ ਸਹਿਯੋਗ ਨਾਲ, ਸ਼੍ਰੀ ਗੁਰੂ ਤੇਗ ਬਹਾਦਰ ਜੀ ਅਤੇ ਉਨ੍ਹਾਂ ਦੇ ਅਨਿੰਨ ਸੇਵਕ ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ, ਅਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਸ਼ਹੀਦੀ ਜਾਗਰੂਤੀ ਯਾਤਰਾ ਗੁਰੂ ਦਾ ਬਾਗ ਤੋਂ ਸ਼ੁਰੂ ਹੋਏਗੀ, ਜੋ ਕਿ ਸ਼੍ਰੀ ਆਨੰਦਪੁਰ ਸਾਹਿਬ ਪਹੁੰਚ ਕੇ ਪੂਰੀ ਹੋਏਗੀ। ਯਾਤਰਾ ਸੰਬੰਧੀ ਜਾਣਕਾਰੀ ਦੇਣ ਲਈ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਅਤੇ ਹੋਰ ਅਹੁਦੇਦਾਰਾਂ ਵੱਲੋਂ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਦੱਸਿਆ ਗਿਆ ਕਿ ਸ਼ਹੀਦੀ ਜਾਗਰੂਤੀ ਯਾਤਰਾ 17 ਸਤੰਬਰ, ਬੁੱਧਵਾਰ ਦਿਨ ਦੁਪਿਹਰ 12:30 ਵਜੇ ਗੁਰੂ ਦਾ ਬਾਗ ਤੋਂ ਸ਼ੁਰੂ ਹੋਏਗੀ। ਇਹ ਯਾਤਰਾ ਸ਼ਾਮ ਦੇ ਵੇਲੇ ਗੁਰਦੁਆਰਾ ਸ਼ੀਤਲ ਕੁੰਡ, ਰਾਜਗੀਰ ਪਹੁੰਚੇਗੀ ਅਤੇ ਅਗਲੇ ਦਿਨ ਅਗਲੇ ਪੜਾਅ ਲਈ ਰਵਾਨਾ ਹੋਏਗੀ। ਇਸ ਤੋਂ ਪਹਿਲਾਂ, 15 ਸਤੰਬਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਸ਼ੁਰੂ ਹੋਣਗੇ, ਜੋ 17 ਤਰੀਖ ਨੂੰ ਪੂਰੇ ਹੋਣਗੇ। ਇਸ ਮੌਕੇ 'ਤੇ ਸ਼੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਕੀਰਤਨੀ ਜੱਥਾ ਭਾਈ ਸ਼ੁਭਦੀਪ ਸਿੰਘ ਵੱਲੋਂ ਗੁਰਬਾਣੀ ਕੀਰਤਨ ਕੀਤਾ ਜਾਵੇਗਾ ਅਤੇ ਕਥਾ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ ਵੱਲੋਂ ਕੀਤੀ ਜਾਵੇਗੀ। ਤਦ ਬਾਅਦ ਤਖ਼ਤ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ ਵੱਲੋਂ ਅਰਦਾਸ ਕਰਕੇ ਯਾਤਰਾ ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਸਮੇਂ ਬਿਹਾਰ ਦੇ ਮੁੱਖ ਮੰਤਰੀ ਨੀਤਿਸ਼ ਕੁਮਾਰ ਖਾਸ ਤੌਰ 'ਤੇ ਹਾਜ਼ਰੀ ਭਰਨਗੇ।

ਇਸ ਮੌਕੇ ਤੇ ਕਈ ਸੰਤ ਮਹਾਪੁਰਸ਼ ਅਤੇ ਧਾਰਮਿਕ ਸ਼ਖਸੀਅਤਾਂ ਦੇ ਨਾਲ-ਨਾਲ ਵੱਡੀ ਗਿਣਤੀ ਵਿੱਚ ਸੰਗਤ ਮੌਜੂਦ ਰਹੇਗੀ। ਸ. ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਯਾਤਰਾ ਦੌਰਾਨ ਪਾਲਕੀ ਸਾਹਿਬ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਅਤੇ ਪੁਰਾਤਨ ਸ਼ਸਤਰ ਹੋਣਗੇ, ਜਿਨ੍ਹਾਂ ਦੇ ਸੰਗਤ ਦਰਸ਼ਨ ਕਰ ਸਕੇਗੀ। ਇਹ ਪਾਲਕੀ ਸਾਹਿਬ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਭੇਜੀ ਗਈ ਹੈ। ਇਸਦੇ ਨਾਲ ਇੱਕ ਗੱਡੀ ਵਿੱਚ ਪੰਜ ਪਿਆਰੇ ਸਾਹਿਬਾਨ, ਨਗਾੜਾ, ਸੰਤ ਮਹਾਤਮਾ ਅਤੇ ਸੰਗਤ ਸ਼ਾਮਲ ਹੋਏਗੀ। ਉਨ੍ਹਾਂ ਦੱਸਿਆ ਕਿ ਇਹ ਯਾਤਰਾ 9 ਰਾਜਾਂ ਵਿਚੋਂ ਲੰਘੇਗੀ ਅਤੇ ਦਿੱਲੀ ਰਾਹੀਂ ਸ਼੍ਰੀ ਆਨੰਦਪੁਰ ਸਾਹਿਬ ਪਹੁੰਚੇਗੀ।

ਅਕਤੂਬਰ ਮਹੀਨੇ ਵਿੱਚ ਇੱਕ ਸਰਵ-ਧਰਮ ਸੰਮੇਲਨ ਵੀ ਕੀਤਾ ਜਾਵੇਗਾ। ਸ. ਸੋਹੀ ਨੇ ਕਿਹਾ ਕਿ ਸਾਡਾ ਉਦੇਸ਼ ਇਕੋ ਹੈ ਕਿ ਗੁਰੂ ਸਾਹਿਬ ਦੀ ਅਦੁੱਤੀਯ ਸ਼ਹਾਦਤ ਦਾ ਸੰਦੇਸ਼ ਹਰ ਘਰ ਤੱਕ ਪਹੁੰਚੇ। ਇਸ ਪ੍ਰੈਸ ਕਾਨਫਰੰਸ ਵਿੱਚ ਸ. ਜਗਜੋਤ ਸਿੰਘ ਸੋਹੀ ਦੇ ਨਾਲ ਜਨਰਲ ਸਕੱਤਰ ਇੰਦਰਜੀਤ ਸਿੰਘ, ਮੀਤ ਪ੍ਰਧਾਨ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ, ਬੁਲਾਰਾ ਹਰਪਾਲ ਸਿੰਘ ਜੋਹਲ, ਮੀਡੀਆ ਪ੍ਰਭਾਰੀ ਸੁਦੀਪ ਸਿੰਘ, ਸੁਪਰਿੰਟੈਂਡੈਂਟ ਦਲਜੀਤ ਸਿੰਘ, ਮੈਨੇਜਰ ਹਰਜੀਤ ਸਿੰਘ ਅਤੇ ਪਪੀਂਦਰ ਸਿੰਘ ਮੌਜੂਦ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਭਾਰਤ ਸਰਕਾਰ ਨੇ ਗੁਰਪੁਰਬ 'ਤੇ ਸਿੱਖ ਯਾਤਰੀਆਂ ਤੇ ਪਾਕਿਸਤਾਨ ਜਾਣ ਤੇ ਲਾਈ ਰੋਕ

## ☛ ਸਿੱਖਾਂ ਨੂੰ ਆਪਣੇ ਮੂਲ ਰੂਹਾਨੀ ਕੇਂਦਰਾਂ ਤੋਂ ਕੀਤਾ ਵੱਖ, ਸਿੱਖਾਂ ਵੱਲੋਂ ਭਾਰੀ ਵਿਰੋਧ ☛
## ਸਿੱਖਾਂ ਲਈ ਆਪਣੀ ਰਾਜਨੀਤਿਕ ਜ਼ਮੀਨ ਬਣਾਉਣਾ ਹੁਣ ਸਮੇਂ ਦੀ ਸਭ ਤੋਂ ਵੱਡੀ ਲੋੜ - ਮੁਠੱਡਾ



ਲੰਡਨ, 14 ਸਤੰਬਰ (ਸਰਬਜੀਤ ਸਿੰਘ ਬਨੂੜ)–ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਪੱਤਰ ਜਾਰੀ ਕਰ ਨਵੰਬਰ 2025 ਵਿੱਚ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ 'ਤੇ ਸੁਰੱਖਿਆ ਹਾਲਾਤਾਂ" ਦਾ ਹਵਾਲਾ ਦੇ ਕੇ ਰੋਕ ਲਗਾ ਦਿੱਤੀ ਗਈ ਹੈ ਤੇ ਕੋਈ ਵੀ ਸਿੱਖ ਯਾਤਰੀ ਭਾਰਤ ਤੋਂ ਪਾਕਿਸਤਾਨ ਨਹੀਂ ਜਾ ਸਕੇਗਾ। ਇਸ ਫੈਸਲੇ ਨਾਲ ਸਿੱਖਾਂ ਵਿੱਚ ਭਾਰੀ ਗੁੱਸਾ ਪਾਇਆ ਜਾ ਰਿਹਾ ਹੈ। ਵਿਦੇਸ਼ੀ ਸਿੱਖਾਂ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਸਿੱਖਾਂ ਨੂੰ ਆਪਣੇ ਮੂਲ ਰੂਹਾਨੀ ਕੇਂਦਰਾਂ ਤੋਂ ਵੱਖ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਰਤਾਰਪੁਰ ਸਾਹਿਬ ਲਾਂਘਾ ਜੋ ਸਿੱਖ ਕੌਮ ਲਈ ਇੱਕ ਇਤਿਹਾਸਕ ਦਰਵਾਜ਼ਾ ਸੀ ਵੀ ਬੰਦ ਪਿਆ ਹੈ। ਇਹ ਲਾਂਘਾ ਖੁਲ੍ਹਣ ਸਮੇਂ "ਅਮਨ ਦੀ ਨਿਸ਼ਾਨੀ" ਵਜੋਂ ਪੇਸ਼ ਕੀਤਾ ਗਿਆ ਸੀ, ਪਰ ਹਕੀਕਤ ਵਿੱਚ ਇਹ ਵੀ ਰਾਜਨੀਤਿਕ ਖੇਡਾਂ ਦੇ ਹਵਾਲੇ ਹੋ ਗਿਆ ਜਦੋਂ ਵੀ ਭਾਰਤ-ਪਾਕਿਸਤਾਨ ਦੇ ਰਿਸ਼ਤਿਆਂ ਵਿੱਚ ਤਣਾਅ ਵਧਦਾ ਹੈ, ਸਭ ਤੋਂ ਪਹਿਲਾਂ ਸਿੱਖਾਂ ਦਾ ਇਹ ਰੂਹਾਨੀ ਰਸਤਾ ਬੰਦ ਕਰ ਦਿੱਤਾ ਜਾਂਦਾ ਹੈ। ਸਿੱਖਾਂ ਦਾ ਮੰਨਣਾ ਹੈ ਕਿ ਸਿੱਖਾਂ ਦੀ ਧਾਰਮਿਕ ਯਾਤਰਾ ਅੰਤਰਰਾਸ਼ਟਰੀ ਰਾਜਨੀਤੀ ਦੇ ਕੁਰਬਾਨੀ ਦੇ ਬੱਕਰੇ ਬਣ ਗਈ ਹੈ ? ਕੀ ਭਾਰਤ ਵਿੱਚ ਵੱਸਦੇ ਸਿੱਖਾਂ ਦੀ ਆਜ਼ਾਦੀ ਸਿਰਫ਼ ਸਰਕਾਰਾਂ ਦੇ ਰਿਸ਼ਤਿਆਂ 'ਤੇ ਨਿਰਭਰ ਰਹੇਗੀ ? ਭਾਰਤੀ ਸਰਕਾਰ ਹਮੇਸ਼ਾਂ ਸਿੱਖਾਂ ਨੂੰ ਆਪਣੇ ਅਸਲ ਕੇਂਦਰਾਂ ਨਨਕਾਣਾ ਸਾਹਿਬ, ਕਰਤਾਰਪੁਰ ਸਾਹਿਬ, ਪੰਜਾਬ ਦੇ ਇਤਿਹਾਸਕ ਗੁਰਦੁਆਰਿਆਂ ਤੋਂ ਦੂਰ ਰੱਖਣ ਦੀ ਕੋਸ਼ਿਸ਼ ਕਰਦਾ ਹੈ ਕਿਉਂਕਿ ਜਦੋਂ ਸਿੱਖ ਆਪਣੀ ਧਰਤੀ ਅਤੇ ਰੂਹਾਨੀ ਮੂਲ ਨਾਲ ਜੁੜਦੇ ਹਨ, ਤਾਂ ਉਹਨਾਂ ਦੇ ਅੰਦਰ ਅਲੱਗ ਪਛਾਣ ਅਤੇ ਖ਼ੁਦਮੁਖ਼ਤਿਆਰੀ ਦਾ ਜੋਸ਼ ਹੋਰ ਵੀ ਵਧਦਾ ਹੈ। ਇਸ ਫ਼ੈਸਲੇ ਨਾਲ ਇਹ ਸਪੱਸ਼ਟ ਹੋ ਗਿਆ ਹੈ ਕਿ ਸਿੱਖਾਂ ਦੀ ਧਾਰਮਿਕ ਆਜ਼ਾਦੀ ਕਿਸੇ ਸਰਕਾਰੀ ਐਲਾਨ ਜਾਂ ਮਨਾਹੀ ਦੀ ਮੋਹਤਾਜ਼ ਹੈ। ਸਿੱਖ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਭਾਈ ਕੁਲਵੰਤ ਸਿੰਘ ਮੁਠੱਡਾ ਨੇ ਕਿਹਾ ਕਿ ਇਹ ਰੋਕ ਕੇਵਲ ਇੱਕ ਯਾਤਰਾ 'ਤੇ ਪਾਬੰਦੀ ਨਹੀਂ, ਸਗੋਂ ਇੱਕ ਵੱਡਾ ਸੰਦੇਸ਼ ਹੈ ਕਿ ਸਿੱਖਾਂ ਲਈ ਆਪਣੀ ਰਾਜਨੀਤਿਕ ਜ਼ਮੀਨ ਬਣਾਉਣਾ ਹੁਣ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

## ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ

# ਸਬ ਡਵੀਜ਼ਨ ਧੂਰੀ ਰਜਿ: ਦੀ ਮਹੀਨਾਵਾਰ ਮੀਟਿੰਗ ਹੋਈ



**ਧੂਰੀ ( ਰਣਜੀਤ ਸਿੰਘ ਪੇਧਨੀ )**- ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਸਬ ਡਵੀਜ਼ਨ ਧੂਰੀ ਰਜਿ: ਦੀ ਮਹੀਨਾਵਾਰ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਜੈ ਦੇਵ ਸ਼ਰਮਾ ਜੀ ਦੀ ਸਰਪ੍ਰਸਤੀ ਹੇਠ ਰਾਮਬਾਗ ਧੂਰੀ ਦੇ ਯੋਗਾ ਹਾਲ ਵਿੱਚ ਹੋਈ ਜਿਸ ਵਿਚ ਕਾਰਜਕਾਰਨੀ ਦੇ ਅਹੁਦੇ ਦਾਰ ਅਤੇ ਪੈਨਸ਼ਨਰਜ਼ ਨੇ ਭਾਗ ਲਿਆ। ਮੀਟਿੰਗ ਦੀ ਕਾਰਵਾਈ ਦੌਰਾਨ ਸਟੇਜ ਦਾ ਸੰਚਾਲਨ ਜਸਵਿੰਦਰ ਸਿੰਘ ਮੂਲੋਵਾਲ ਜਨਰਲ ਸਕੱਤਰ ਨੇ ਬਾਖੂਬੀ ਕੀਤਾ। ਜੱਥੇਬੰਦੀ ਦੇ ਚੀਫ ਪੈਟਰਨ ਹਰਦੇਵ ਸਿੰਘ ਜਵੰਦਾ ਨੇ ਹਾਜ਼ਰੀਨ ਪੈਨਸ਼ਨਰਜ਼ ਨੂੰ ਹੜ ਪੀੜਤਾਂ ਦੀ ਸਹਾਇਤਾ ਲਈ ਵੱਧ ਤੋਂ ਵੱਧ ਸਹਾਇਤਾ ਫੰਡ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ। ਮੀਟਿੰਗ ਦੌਰਾਨ ਹਾਜਰ ਪੈਨਸ਼ਨਰਜ਼ ਵਿੱਚ ਸਰਕਾਰ ਵੱਲੋਂ ਵਾਰ ਵਾਰ ਮੀਟਿੰਗਾਂ ਦਾ ਸਮੇਂ ਦੇਕੇ ਮੀਟਿੰਗ ਨਾ ਕਰਨ ਦੀ ਪੁਰਜ਼ੋਰ ਨਖੇਦੀ ਕੀਤੀ ਗਈ ਅਤੇ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪੈਨਸ਼ਨਰਜ਼ ਦੇ ਹੱਕ ਵਿੱਚ ਦਿੱਤੇ ਫੈਸਲੇ ਲਾਗੂ ਨਾ ਕਰਨ ਜਿਵੇਂ ਕਿ 2.59 ਦਾ ਫੈਕਟਰ ਲਾਗੂ ਕਰਕੇ ਬਕਾਏ ਦੇਣ ਅਤੇ 13 % ਡੀਏ ਦਾ ਬਕਾਇਆ ਨਾ ਦੇਣਾ, ਆਦਿ ਮੰਗਾਂ ਲਾਗੂ ਨਾ ਕਰਨ ਦੀ ਨਖੇਦੀ ਕਰਦਿਆਂ ਰੋਸ ਜ਼ਾਹਰ ਕੀਤਾ ਗਿਆ।ਇਸ ਸਬੰਧ ਵਿੱਚ ਚੇਅਰਮੈਨ ਕੁਲਵੰਤ ਸਿੰਘ ਧੂਰੀ, ਚੀਫ ਪੈਟਰਨ ਹਰਦੇਵ ਸਿੰਘ ਜਵੰਦਾ,ਹਰਚਰਨ ਸਿੰਘ ਲਹਿਰੀ,ਜੰਗ ਸਿੰਘ ਬਾਦਸ਼ਾਹਪੁਰ,ਕਰਮ ਸਿੰਘ ਮਾਨ, ਪ੍ਰਧਾਨ ਜੈਦੇਵ ਸ਼ਰਮਾ,ਜਨਰਲ ਸਕੱਤਰ ਜਸਵਿੰਦਰ ਸਿੰਘ ਮੂਲੋਵਾਲ ਨੇ ਮੰਗਾਂ ਪ੍ਰਤੀ ਆਪਣੇ ਵਿਚਾਰ ਸਾਂਝੇ ਕੀਤੇ। ਮਹੀਨਾ ਸਤੰਬਰ ਵਿੱਚ ਜੰਗ ਸਿੰਘ ਬਾਦਸ਼ਾਹਪੁਰ,ਜੀਤ ਸਿੰਘ ਧੰਦੀਵਾਲ,ਰਣਜੀਤ ਸਿੰਘ ਢੀਂਡਸਾ ਅਤੇ ਜੱਗਰ ਸਿੰਘ ਹੇੜੀਕੇ ਦੇ ਜਨਮ ਦਿਨ ਮਨਾਉਣ ਉਪਰੰਤ ਉਹਨਾਂ ਨੂੰ ਗਿਫ਼ਟ ਦੇਕੇ ਸਨਮਾਨਿਤ ਵੀ ਕੀਤਾ ਗਿਆ। ਇਸ ਸਮੇਂ ਗੁਰਦਿਆਲ ਸਿੰਘ ਨੰਬਰਦਾਰ,ਮੀਰਹੇੜੀ,ਮਾ:ਕਿਰਪਾਲ ਸਿੰਘ ਰਾਜੋਮਜਰਾ, ਜਗਤਾਰ ਸਿੰਘ ਹਸਨਪੁਰ, ਗਿਰਧਾਰੀ ਲਾਲ,ਬੁੱਧ ਸਿੰਘ, ਸੁਖਦੇਵ ਸਿੰਘ ਇੰਸਪੈਕਟਰ, ਚਰਨਜੀਤ ਸਿੰਘ ਸੋਹੀ, ਤਰਸੇਮ ਮਿੱਤਲ, ਕਰਨੈਲ ਸਿੰਘ ਬਰੜਵਾਲ,ਰਾਮ ਗੋਪਾਲ ਸ਼ਰਮਾ,ਭਰਭੂਰ ਸਿੰਘ ਭੋਜੋਵਾਲੀ,ਸੋਮ ਨਾਥ, ਸਾਧੂ ਸਿੰਘ ਪੇਧਨੀ,ਪਾਲਾ ਸਿੰਘ ਬਾਦਸ਼ਾਹਪੁਰ,ਧੰਨਾ ਸਿੰਘ ਧਾਂਦਰਾ,ਜੈ ਰਾਮ ਹਰਚੰਦਪੁਰ,ਸੰਤ ਭਗਤ ਸਿੰਘ, ਸੁਭਾਸ਼ ਚੰਦਰ,ਪੂਰਨ ਸਿੰਘ, ਨਰੰਜਣ ਸਿੰਘ, ਵਿੱਕੀ ਸਿੰਘ ਮੂਲੋਵਾਲ ਅਤੇ ਸਾਧੂ ਸਿੰਘ ਮੀਰਹੇੜੀ ਨੇ ਭਾਗ ਲਿਆ।ਅੰਤ ਵਿੱਚ ਹਾਜ਼ਰ ਪੈਨਸ਼ਨਰਜ਼ ਵੱਲੋਂ ਹਨ ਪੀੜਤਾਂ ਦੀ ਸਹਾਇਤਾ ਲਈ 21000/- ਰੁਪਏ ਦਾ ਫੰਡ ਇਕੱਠਾ ਕੀਤਾ ਗਿਆ।

# ਵੈਟਨਰੀ ਡਾਕਟਰਾਂ ਤੇ ਸੋਨੀਆ ਮਾਨ ਦੀਆਂ ਟੀਮਾਂ ਵੱਲੋਂ ਰਾਜਾਸਾਂਸੀ ਦੇ ਹੜ੍ਹ ਪ੍ਰਭਾਵਿਤ ਪਿੰਡਾਂ 'ਚ ਕੈਂਪ ਲਗਾਏ ਗਏ



**ਜੰਡਿਆਲਾ ਗੁਰੂ, 14 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਦੇ ਹਲਕਾ ਰਾਜਾਸਾਂਸੀ ਤੋਂ ਇੰਚਾਰਜ ਸੋਨੀਆ ਮਾਨ ਅਤੇ ਜਿਲ੍ਹਾ ਸੰਗਰੂਰ ਤੋਂ ਪਹੁੰਚੀ ਵੈਟਰਨਰੀ ਡਾਕਟਰਾਂ ਦੀਆਂ ਟੀਮ ਵੱਲੋਂ ਰਾਜਾਸਾਂਸੀ ਹਲਕੇ ਦੇ ਹੜ ਪ੍ਰਭਾਵਿਤ ਵੱਖੋ-ਵੱਖ ਪਿੰਡਾਂ ਵਿੱਚ ਪਸ਼ੂਆਂ ਦੀ ਦੇਖ-ਭਾਲ, ਸਿਹਤ-ਸੰਭਾਲ ਅਤੇ ਦਵਾਈਆਂ ਸੰਬੰਧੀ ਕੈਂਪ ਲਗਾਏ ਗਏ । ਇਨ੍ਹਾਂ ਕੈਂਪਾਂ ਵਿੱਚ ਪਸ਼ੂਆਂ ਦੀ ਜਾਂਚ, ਮੁਫ਼ਤ ਇਲਾਜ ਅਤੇ ਟੀਕਾਕਰਨ ਕੀਤਾ ਗਿਆ। ਪਿੰਡਾਂ ਦੇ ਕਿਸਾਨਾਂ ਨੂੰ ਪਸ਼ੂਆਂ ਲਈ ਲੋੜੀਂਦੀਆਂ ਦਵਾਈਆਂ ਵੀ ਵੰਡੀਆਂ ਗਈਆਂ ਤਾਂ ਜੋ ਹੜ੍ਹ ਕਾਰਨ ਫੈਲ ਰਹੀਆਂ ਬਿਮਾਰੀਆਂ ਤੋਂ ਬਚਾਵ ਕੀਤਾ ਜਾ ਸਕੇ। ਇਸ ਮੌਕੇ ਸੋਨੀਆ ਮਾਨ ਨੇ ਕਿਹਾ ਕਿ ਪਿੰਡਾਂ ਦੇ ਕਿਸਾਨ ਪਸ਼ੂ-ਪਾਲਣ ਉੱਤੇ ਹੀ ਆਪਣੀ ਰੋਜ਼ੀ-ਰੋਟੀ ਨਿਰਭਰ ਕਰਦੇ ਹਨ, ਇਸ ਲਈ ਪਸ਼ੂਆਂ ਦੀ ਸਿਹਤ ਬਚਾਉਣਾ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਕਿਹਾ ਕਿ ਇਹ ਮੁਹਿੰਮ ਅਗਲੇ ਕੁਝ ਦਿਨਾਂ ਵਿੱਚ ਹੋਰ ਪਿੰਡਾਂ ਵਿੱਚ ਵੀ ਚਲਾਈ ਜਾਵੇਗੀ ਤਾਂ ਜੋ ਜ਼ਿਆਦਾ ਤੋਂ ਜ਼ਿਆਦਾ ਪਰਿਵਾਰਾਂ ਨੂੰ ਰਾਹਤ ਮਿਲ ਸਕੇ। ਸਥਾਨਕ ਪਿੰਡ ਵਾਸੀਆਂ ਨੇ ਸੋਨੀਆ ਮਾਨ ਅਤੇ ਵੈਟਨਰੀ ਟੀਮਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਮੁਸ਼ਕਲ ਵੇਲੇ ਉਹਨਾਂ ਦੀ ਇਹ ਸੇਵਾ ਬਹੁਤ ਕੀਮਤੀ ਹੈ। ਇਸ ਕੈਂਪ ਦੌਰਾਨ ਕਿਸਾਨਾਂ ਨੂੰ ਪਸ਼ੂਆਂ ਦੀ ਸੰਭਾਲ ਅਤੇ ਸਫ਼ਾਈ ਬਾਰੇ ਵੀ ਜਾਗਰੂਕ ਕੀਤਾ ਗਿਆ, ਤਾਂ ਜੋ ਹੜ੍ਹਾਂ ਤੋਂ ਬਾਅਦ ਪੈਦਾ ਹੋਣ ਵਾਲੀਆਂ ਬਿਮਾਰੀਆਂ ਨੂੰ ਰੋਕਿਆ ਜਾ ਸਕੇ। ਟੀਮਾਂ ਵੱਲੋਂ ਪਸ਼ੂ-ਪਾਲਕਾਂ ਨੂੰ ਵਿਸ਼ੇਸ਼ ਸਲਾਹ ਦਿੱਤੀ ਗਈ ਕਿ ਉਹ ਆਪਣੇ ਪਸ਼ੂਆਂ ਨੂੰ ਸਾਫ਼ ਪਾਣੀ ਅਤੇ ਸੁੱਕਾ ਚਾਰਾ ਹੀ ਪ੍ਰਦਾਨ ਕਰਨ। ਸੋਨੀਆ ਮਾਨ ਨੇ ਇਹ ਵੀ ਅਪੀਲ ਕੀਤੀ ਕਿ ਸਰਕਾਰੀ ਪੱਧਰ 'ਤੇ ਪਸ਼ੂ-ਪਾਲਣ ਖੇਤਰ ਨੂੰ ਰਾਹਤ ਪੈਕੇਜ ਵਿੱਚ ਤਰਜੀਹ ਦਿੱਤੀ ਜਾਵੇ, ਕਿਉਂਕਿ ਕਿਸਾਨਾਂ ਦੀਆਂ ਗਾਈਆਂ, ਮੱਝਾਂ ਅਤੇ ਹੋਰ ਪਸ਼ੂ ਉਹਨਾਂ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਨੇ ਕਿਹਾ ਕਿ ਲੋਕ ਇਕੱਠੇ ਹੋ ਕੇ ਹੀ ਇਸ ਮੁਸੀਬਤ ਦਾ ਸਾਹਮਣਾ ਕਰ ਸਕਦੇ ਹਨ। ਇਸ ਮੌਕੇ ਇਸ ਮੌਕੇ ਡਾ.ਸੁਖਵਿੰਦਰ ਸਿੰਘ ਡਿਪਟੀ ਡਾਇਰੈਕਟਰ ਸੰਗਰੂਰ,ਡਾ.ਪਰਮਿੰਦਰ ਸਿੰਘ ਚੋਪੜਾ ਸਟੇਟ ਕੌਂਸਲ ਮੈਂਬਰ, ਡਾ. ਰਮਿੰਦਰ ਸਿੰਘ, ਡਾ. ਟੀਪੀ ਸਿੰਘ, ਡਾ. ਜਸਕਰਨ ਸਿੰਘ, ਡਾ. ਪਰਮਿੰਦਰਜੀਤ ਸਿੰਘ, ਡਾ. ਦੁਸ਼ਯੰਤ, ਡਾ. ਸਿਮਰਜੋਤ ਸਿੰਘ, ਡਾ. ਨਿਸ਼ਾਂਤ ਬਾਂਸਲ, ਡਾ. ਕਮਲਦੀਪ ਸ਼ਰਮਾ, ਡਾ. ਅੱਤਰੀ, ਡਾ. ਪ੍ਰਭਜੋਤ ਸਿੰਘ, ਡਾ. ਅਵਤਾਰ ਸਿੰਘ, ਡਾ. ਅੰਮ੍ਰਿਤ ਸਿੰਘ, ਡਾ. ਸੁਖਮਨ ਸਿੰਘ, ਡਾ. ਦਿਲਪ੍ਰੀਤ ਸਿੰਘ, ਮਹਿੰਦਰ ਸਿੰਘ, ਕਮਲ ਸਿੰਘ ਹਰਮਿੰਦਰ ਸਿੰਘ ਦਿਉਲ ਸਮਾਜ ਸੇਵਕ, ਬਲਜਿੰਦਰ ਸਿੰਘ, ਸਤਨਾਮ ਸਿੰਘ ਵੜੈਚ, ਸੁਖਦੀਪ ਸਿੰਘ ਛੀਨਾ,ਡਾ.ਭਗਵੰਤ ਸਿੰਘ,ਜੋਬਨ ਝੰਜੋਟੀ, ਅਮਿਤੋਜ ਸਿੰਘ ਰਾਜਾਸਾਂਸੀ ਰੋਬਨ ਚਵਿੰਡਾ ਖੁਰਦ, ਯਾਦਵਿੰਦਰ ਸਿੰਘ ਹੇਰ ਤੇ ਪਿੰਡ ਵਾਸੀ ਮੌਜੂਦ ਸਨ ।

# ਬ੍ਰਿਟੇਨ ਵਿੱਚ ਸਿੱਖ ਔਰਤ ਨਾਲ ਸਮੂਹਿਕ ਬਲਾਤਕਾਰ ਅਤੇ ਨਸਲੀ ਵਿਤਕਰੇ ਦਾ ਨੈਸ਼ਨਲ ਅਕਾਲੀ ਦਲ ਵਲੋਂ ਸਖ਼ਤ ਵਿਰੋਧ

## ਬ੍ਰਿਟਿਸ਼ ਸਰਕਾਰ ਵਿਰੁੱਧ ਹੋਵੇਗਾ ਵੱਡਾ ਵਿਰੋਧ ਪ੍ਰਦਰਸ਼ਨ

ਨਵੀਂ ਦਿੱਲੀ 14 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਬ੍ਰਿਟੇਨ ਦੇ ਓਲਡਬਰੀ ਇਲਾਕੇ ਦੇ ਇੱਕ ਪਾਰਕ ਵਿੱਚ ਦਿਨ-ਦਿਹਾੜੇ ਇੱਕ ਸਿੱਖ ਔਰਤ ਨਾਲ ਸਮੂਹਿਕ ਬਲਾਤਕਾਰ ਕਰਨ ਤੋਂ ਬਾਅਦ, ਦੋਸ਼ੀ ਨੇ ਪੀੜਤਾ ਨੂੰ "ਆਪਣੇ ਦੇਸ਼ ਵਾਪਸ ਜਾਓ" ਕਹਿ ਕੇ ਨਸਲੀ ਵਿਤਕਰੇ ਦਾ ਪ੍ਰਗਟਾਵਾ ਵੀ ਕੀਤਾ ਗਿਆ । ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ



ਇਸ ਘਟਨਾ ਦੀ ਸਖ਼ਤ ਨਿੰਦਾ ਕੀਤੀ ਹੈ ਅਤੇ ਕਿਹਾ ਹੈ ਕਿ ਇਸ ਬਾਰੇ ਸਿੱਖ ਭਾਈਚਾਰੇ ਵਿੱਚ ਬਹੁਤ ਗੁੱਸਾ ਹੈ। ਜਲਦੀ ਹੀ ਨੈਸ਼ਨਲ ਅਕਾਲੀ ਦਲ ਇਸ ਬਾਰੇ ਬ੍ਰਿਟਿਸ਼ ਸਰਕਾਰ ਵਿਰੁੱਧ ਵਿਰੋਧ ਪ੍ਰਦਰਸ਼ਨ ਕਰੇਗਾ। ਪੰਮਾ ਨੇ ਕਿਹਾ ਕਿ ਹਾਲ ਹੀ ਦੇ ਮਹੀਨਿਆਂ ਵਿੱਚ ਬ੍ਰਿਟੇਨ ਵਿੱਚ ਨਸਲੀ ਉਤਪੀੜਨ ਦੀਆਂ ਘਟਨਾਵਾਂ ਵਧ ਰਹੀਆਂ ਹਨ, ਇਸ ਬਾਰੇ ਸਿੱਖ ਭਾਈਚਾਰੇ ਵਿੱਚ ਬਹੁਤ ਚਿੰਤਾ ਹੈ। ਪੰਮਾ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕੀਤੀ ਅਤੇ ਕਿਹਾ ਕਿ ਬ੍ਰਿਟੇਨ ਵਿੱਚ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਮਾਨਸਿਕ ਤੌਰ ਤੇ ਪ੍ਰੇਸ਼ਾਨ ਕਰਨ ਲਈ ਕਾਫ਼ੀ ਹਨ। ਪੰਮਾ ਨੇ ਯੂਕੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਇਸ ਮਾਮਲੇ ਵਿੱਚ ਸਖ਼ਤ ਕਾਰਵਾਈ ਕਰੇ ਅਤੇ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕਰੇ। ਬ੍ਰਿਟੇਨ ਵਿੱਚ ਨਸਲੀ ਹਮਲਿਆਂ ਦੀਆਂ ਘਟਨਾਵਾਂ ਵੱਧ ਰਹੀਆਂ ਹਨ, ਜੋ ਕਿ ਚਿੰਤਾ ਦਾ ਵਿਸ਼ਾ ਹੈ। ਸਿੱਖ ਭਾਈਚਾਰੇ ਦੇ ਲੋਕਾਂ 'ਤੇ ਹਮਲੇ ਦੀਆਂ ਘਟਨਾਵਾਂ ਵੀ ਵੱਧ ਰਹੀਆਂ ਹਨ, ਜਿਨ੍ਹਾਂ ਵਿੱਚ ਦਸਤਾਰ ਦਾ ਅਪਮਾਨ ਅਤੇ ਨਸਲੀ ਟਿੱਪਣੀਆਂ ਸ਼ਾਮਲ ਹਨ। ਪੰਮਾ ਨੇ ਯੂਕੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਨਸਲੀ ਹਮਲਿਆਂ ਵਿਰੁੱਧ ਸਖ਼ਤ ਕਾਰਵਾਈ ਕਰੇ ਅਤੇ ਸਿੱਖ ਭਾਈਚਾਰੇ ਦੇ ਲੋਕਾਂ ਨੂੰ ਸੁਰੱਖਿਆ ਪ੍ਰਦਾਨ ਕਰੇ। ਉਨ੍ਹਾਂ ਭਾਰਤ ਸਰਕਾਰ ਨੂੰ ਵੀ ਦਖਲ ਦੇਣ ਅਤੇ ਯੂਕੇ ਸਰਕਾਰ 'ਤੇ ਦਬਾਅ ਪਾਉਣ ਲਈ ਕਿਹਾ। ਉੱਥੇ ਹੋ ਰਹੀਆਂ ਨਕਸਲੀ ਘਟਨਾਵਾਂ ਨੂੰ ਰੋਕਿਆ ਜਾ ਸਕਦਾ ਹੈ। ਪੰਮਾ ਨੇ ਕਿਹਾ ਕਿ ਨੈਸ਼ਨਲ ਅਕਾਲੀ ਦਲ ਜਲਦੀ ਹੀ ਅਜਿਹੀਆਂ ਘਟਨਾਵਾਂ ਨੂੰ ਲੈ ਕੇ ਯੂਕੇ ਸਰਕਾਰ ਵਿਰੁੱਧ ਵਿਰੋਧ ਪ੍ਰਦਰਸ਼ਨ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਦਮਦਮੀ ਟਕਸਾਲ ਦੀਆਂ ਸਮੁੱਚੀਆਂ ਬ੍ਰਾਂਚਾਂ ਵੱਲੋਂ ਪੰਜਾਬ ’ਚ ਹੜ੍ਹ ਪ੍ਰਭਾਵਿਤ ਇਲਾਕਿਆਂ ’ਚ ਬੇਅੰਤ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ

ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੇ ਦਿਸ਼ਾ ਨਿਰਦੇਸ਼ਾਂ ਹੇਠ ਦਮਦਮੀ ਟਕਸਾਲ ਦੀਆਂ ਸਮੁੱਚੀਆਂ ਬ੍ਰਾਂਚਾਂ ਵੱਲੋਂ ਪੰਜਾਬ ‘ਚ ਹੜ੍ਹ ਪ੍ਰਭਾਵਿਤ ਇਲਾਕਿਆਂ ‘ਚ ਬੇਅੰਤ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ।

ਮਹਾਂਪੁਰਸ਼ਾਂ ਤਾਂ ਏਹੋ ਹੀ ਬਚਨ ਕਰਦੇ ਹਨ ਕਿ ਸੱਜਾ ਹੱਥ ਦਾਨ ਕਰੇ ਖੱਬੇ ਹੱਥ ਨੂੰ ਪਤਾ ਵੀ ਨਾ ਲੱਗੇ ।

ਪਰ ਅੱਜਕਲ ਸਮਾਂ ਇਹ ਆ ਗਿਆ ਹੈ ਜਿ ਜਿੰਨਾ ਸਮਾਂ ਤੁਸੀ ਲੋਕਾਂ ਨੂੰ ਦੱਸਦੇ ਨਹੀ ਆਪਣੀ ਸੇਵਾਵਾਂ ਬਾਰੇ ਓਨਾਂ ਸਮਾਂ ਲੋਕ ਸ਼ੋਸ਼ਲ ਮੀਡੀਆ ਤੇ ਬਕਵਾਸ ਕਰਨੋ ਬਾਝ ਹੀ ਨਹੀ ਆਂਉਦੇ ਏਥੋ ਤੱਕ ਨੀਚ ਕਿਸਮ ਦੇ ਲੋਕ ਵੀ ਹੁੰਦੇ ਹਨ ਸਾਰਾ ਕੁਝ ਪਤਾ ਹੋਣ ਦੇ ਬਾਵਜੂਦ ਫਿਰ ਵੀ ਬਕਵਾਸ ਕਰਨੋ ਬਾਝ ਨਹੀ ਆਂਉਦੇ ਇਦਾਂ ਚਵਲਾਂ ਮਾਰੀ ਜਾਂਦੇ ਹਨ ਇਹ ਟਕਸਾਲ ਵਾਲੇ ਆਹ ਨਹੀ ਕਰ ਰਹੇ, ਓਹ ਨਹੀ ਕਰ ਰਹੇ ।

ਮਹਾਂਪੁਰਸ਼ਾਂ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਹਰ ਸਮੇਂ ਆਪਣੇ ਵਿੱਤ ਤੋਂ ਵਧਕੇ ਹੀ ਹਰ ਤਰ੍ਹਾਂ ਦੀਆਂ ਗੁਰਧਾਮਾਂ ਦੀਆਂ ਲੰਗਰਾਂ ਦੀਆਂ ਅਤੇ ਹੋਰ ਵੀ ਪੰਥਕ ਸੇਵਾਵਾਂ ਕਰਦੇ ਆ ਰਹੇ ਹਨ ।

ਮੌਜੂਦਾ ਸਮੇਂ ਪੰਜਾਬ ‘ਚ ਆਈ ਹੜ੍ਹਾਂ ਦੀ ਕਰੋਪੀ ਦੌਰਾਨ ਮਹਾਂਪੁਰਸ਼ ਹਰ ਤਰ੍ਹਾਂ ਦੀਆਂ ਸੇਵਾਵਾਂ ‘ਚ ਵੱਧ ਚੜਕੇ ਕਰ ਰਹੇ ਹਨ ।

ਦਮਦਮੀ ਟਕਸਾਲ ਦੇ ਮੁੱਖ ਹੈੱਡਕੁਆਟਰ ਗੁ: ਗੁਰਦਰਸ਼ਨ ਪ੍ਰਕਾਸ਼ ਮਹਿਤਾ ਵੱਲੋਂ ਅਜਨਾਲਾ ਤੋਂ ਰਮਦਾਸ ਰੋਡ ‘ਤੇ, ਨੇੜੇ ਨਗਰ ਬਾਜਵਾ ‘ਚ ਹੜ੍ਹ ਪ੍ਰਭਾਵਿਤ ਲੋਕਾਂ ਲਈ ਬਹੁਤ ਵੱਡਾ ਰਾਹਤ ਕੈਂਪ ਲਗਾਇਆ ਗਿਆ ਹੈ ਜਿਸ ‘ਚ ਬਹੁਤ ਭਾਰੀ ਲੰਗਰਾਂ ਦੀਆਂ ਸੇਵਾਵਾਂ ਨਿਰੰਤਰ ਚੱਲ ਰਹੀਆਂ ਹਨ ਅਤੇ ਹੜ੍ਹ ਪ੍ਰਭਾਵਿਤ ਪਿੰਡਾਂ ‘ਚ ਗਰਾਂਊਡ ਲੈਵਲ ਤੇ ਘਰਾਂ ਘਰਾਂ ‘ਚ ਜਾਕੇ ਸੁੱਕਾ ਰਾਸ਼ਨ, ਬਿਸਤਰੇ , ਦਵਾਈਆਂ , ਕੱਪੜੇ, ਅਤੇ ਪਸ਼ੂਆਂ ਲਈ ਫੀਡ ਅਤੇ ਅਚਾਰ ਦੀਆਂ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ ।

ਏਸੇ ਤਰ੍ਹਾਂ ਦਮਦਮੀ ਟਕਸਾਲ ਦੀ ਬ੍ਰਾਂਚ ਅਸਥਾਨ ਗੁ: ਬਾਬੇ ਸ਼ਹੀਦਾਂ ਨਗਰ ਸਰਮਸਤਪੁਰ ( ਜਲੰਧਰ ) ਤੋਂ ਹਰ ਪ੍ਰਕਾਰ ਦੀ ਸਮੱਗਰੀ ਰਸਦਾਂ ਅਜਨਾਲਾ ਨੇੜੇ ਲਗਾਏ ਗਏ ਰਾਹਤ ਕੈਂਪ ‘ਤੇ ਲਿਆਂਦੀਆਂ ਜਾ ਰਹੀਆਂ ਹਨ ।

ਏਸੇ ਤਰ੍ਹਾਂ ਹੁਸ਼ਿਆਰ ‘ਚ ਦਮਦਮੀ ਟਕਸਾਲ ਦੀ ਬ੍ਰਾਂਚ ਡੇਰਾ ਬਰੱਕਤਾਂ ਤੋਂ ਬੇਅੰਤ ਰਾਹਤ ਸਮੱਗਰੀ ਇਕੱਤਰ ਕਰਕੇ ਮੁਖ ਰਾਹਤ ਕੈਂਪ ‘ਚ ਲਿਆਂਦੀ ਜਾ ਰਹੀ ਹੈ ।

ਧੰਨ ਧੰਨ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਜਨਮ ਨਗਰ ਪਹੂਵਿੰਡ ਵਿਖੇ ਦਮਦਮੀ ਟਕਸਾਲ ਦੀ ਬ੍ਰਾਂਚ ਅਸਥਾਨ ਪੁਰਾਤਨ ਜਨਮ ਅਸਥਾਨ ਬਾਬਾ ਦੀਪ ਸਿੰਘ ਜੀ ਤੋਂ ਹਰ ਪ੍ਰਕਾਰ ਦੀਆਂ ਸੇਵਾਵਾਂ ਸੁੱਕੀਆਂ ਰਸਦਾਂ ਅਤੇ ਹੋਰ ਵੀ ਲੋੜੀਦਾ ਸਮਾਨ ਫਿਰੋਜਪੁਰ ਜਿਲ੍ਹੇ ‘ਚ ਜਿਥੇ ਹੜ੍ਹਾਂ ਨਾਲ ਲੋਕ ਪ੍ਰਭਾਵਿਤ ਹਨ ਉਹਨਾਂ ਇਲਾਕਿਆਂ ਚ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ ।

ਏਸੇ ਤਰ੍ਹਾਂ ਗੁਰਦਾਸਪੁਰ ਜਿਲ੍ਹੇ ‘ਚ ਦਮਦਮੀ ਟਕਸਾਲ ਦੀ ਬ੍ਰਾਂਚ ਅਸਥਾਨ ਗੁ: ਬਾਬਾ ਰਾਮ ਥੰਮਣ ਸਾਹਿਬ ਜੀ ਦੇ ਅਸਥਾਨ ਤੋਂ ਡੀਜਲ਼ ਅਤੇ ਹੋਰ ਵੀ ਸੇਵਾਵਾਂ ਸੁਲਤਾਨਪੁਰ ਲੋਧੀ ਦੇ ਨਜਦੀਕ ਗਿੱਦੜਪਿੰਡੀ ਬੰਨ੍ਹ ‘ਤੇ ਕੀਤੀਆਂ ਜਾ ਰਹੀਆਂ ਹਨ ।

ਗੁ: ਬਾਬਾ ਜਵਾਹਰ ਦਾਸ ਜੀ ਨਗਰ ਸੂਸ ( ਹੁਸ਼ਿਆਪੁਰ) ਤੋਂ ਬਹੁਤ ਭਾਰੀ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ ।

ਜਥੇਬੰਦੀ ਦਮਦਮੀ ਟਕਸਾਲ ਅਧੀਨ ਚੱਲ ਰਹੇ ਖਾਲਸਾ ਹਸਪਤਾਲ ਦੇ ਸਮੁੱਚੇ ਡਾਕਟਰ ਸਾਹਿਬਾਨਾਂ ਵੱਲੋਂ ਰਾਹਤ ਕੈਂਪ ‘ਚ ਬਹੁਤ ਵੱਡੀਆਂ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ। ਜਥੇਬੰਦੀ ਵੱਲੋਂ ਫ੍ਰੀ ਦਵਾਈਆਂ ਦੇ ਕੈਂਪ ਲਗਾਏ ਗਏ ਹਨ।

ਕਹਿਣ ਤੋਂ ਭਾਵ ਇਹ ਹੈ ਇਸ ਕੁਦਰਤੀ ਕਰੋਪੀ ਦੇ ਸਮੇਂ ਜਥੇਬੰਦੀ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਮਹਾਂਪੁਰਸ਼ਾਂ ਦੇ ਦਿਸ਼ਾ ਨਿਰਦੇਸ਼ ਹੇਠ ਟਕਸਾਲ ਦੇ ਸਿੰਘਾਂ ਵੱਲੋਂ ਰਾਤ ਦਿਨ ਬਹੁਤ ਭਾਰੀ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ ਪਰ ਟਕਸਾਲ ਨਿੰਦਕ ਲੋਕ ਇਹਨਾਂ ਕੀਤੀਆਂ ਜਾ ਰਹੀਆਂ ਸੇਵਾਵਾਂ ਨੂੰ ਨਜਰ ਅੰਦਾਜ ਕਰਕੇ ਫਿਰ ਵੀ ਦਮਦਮੀ ਟਕਸਾਲ ਪ੍ਰਤੀ ਅਤੇ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਿਲਾਫ ਘਟੀਆ ਬਕਵਾਸਬਾਜੀ ਕਰ ਰਹੇ ਹਨ ਵੈਸੇ ਤੇ ਅੱਜ ਤੱਕ ਮਹਾਂਪੁਰਸ਼ਾਂ ਨੇ ਇਹਨਾਂ ਨਿੰਦਕਾਂ ਦੀ 1% ਵੀ ਪਰਵਾਹ ਨਹੀ ਕੀਤੀ ਅਤੇ ਆਪਣੇ ਕਾਰਜ ਨਿਰੰਤਰ ਕਰਦੇ ਆ ਰਹੇ ਹਨ ਪਰ ਆਮ ਸੰਗਤਾਂ ਭੋਲੇ ਭਾਲੇ ਗੁਰਸਿੱਖ ਜੋ ਇਹਨਾਂ ਦੀ ਬਕਵਾਸ ਅਤੇ ਟਕਸਾਲ ਪ੍ਰਤੀ ਨਿੰਦਿਆ ਦੇਖ-ਸੁੱਣਕੇ ਗੁੰਮਰਾਹ ਹੋ ਜਾਂਦੇ ਹਨ ਉਹਨਾਂ ਦੀ ਜਾਣਕਾਰੀ ਲਈ ਇਹ ਪੋਸਟ ਪਾਈ ਹੈ ਕਿ ਦਮਦਮੀ ਟਕਸਾਲ ਜਥੇਬੰਦੀ ਵੱਲੋਂ ਮਹਾਂਪੁਰਸ਼ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵਾਲਿਆਂ ਲੱਖਾਂ ਰੁਪੈ ਦੀਆਂ ਸੇਵਾਵਾਂ ਕੀਤੀਆਂ ਜਾ ਰਹੀਆਂ ਪਰ ਟਕਸਾਲ ਨਿੰਦਕ ਲੋਕ ਜਿੰਨਾਂ ਲੋਕਾਂ ਆਪ ਇਕ ਪੈਸੇ ਦੀ ਕੋਈ ਸੇਵਾ ਨਹੀ ਕੀਤੀ ਉਹ ਲੋਕ ਟਕਸਾਲ ਵੱਲ ਮੂੰਹ ਕਰ ਕਰ ਕੇ ਥੁੱਕਦੇ ਹਨ ਪਰ ਟਕਸਾਲ ਦਾ ਮਹਾਂਪੁਰਸ਼ਾਂ ਦਾ ਰੁਤਬਾ ਬਹੁਤ ਉੱਚਾ ਹੈ ਥੁੱਕ ਨਿੰਦਕਾਂ ਦੇ ਆਪਣੇ ਮੂੰਹ ਤੇ ਹੀ ਪੈ ਰਹੀ ਹੈ।



ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਮਹਿਤਾ

ਆਵਾਜ਼ਿ ਕੌਮ AWAZE QAUM International Newspaper & WEB TV

--★ ਵੱਲੋਂ ★--

ਦਮਦਮੀ ਟਕਸਾਲ
ਜੱਥਾ ਭਿੰਡਰਾਂ, ਮਹਿਤਾ

ਸੇਵਾਪੰਥੀ ਮਹਾਂਪੁਰਸ਼ਾਂ ਦੀ ਯਾਦ ਵਿੱਚ

# ਰੋਹਤਕ ਵਿਖੇ ਸਲਾਨਾ ਗੁਰਮਤਿ ਸਮਾਗਮ ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰਨਾਂ ਨੇ ਕਥਾ ਕੀਰਤਨ ਦੀ ਸਾਂਝ ਪਾਈ













ਸੇਵਾਪੰਥੀ ਮਹਾਂਪੁਰਸ਼ਾਂ ਦੀ ਯਾਦ ਵਿੱਚ ਸਲਾਨਾ ਗੁਰਮਤਿ ਸਮਾਗਮ ਟਿਕਾਣਾ ਭਾਈ ਭੱਲਾ ਰਾਮ ਜੀ ਕਲਾਨੌਰ ਰੋਹਤਕ ਵਿਖੇ ਸੰਤ ਕਾਹਨ ਸਿੰਘ ਸੇਵਾਪੰਥੀ ਗੋਨਿਆਣਾ ਮੰਡੀ ਸੰਤ ਰਣਜੀਤ ਸਿੰਘ ਸੇਵਾਪੰਥੀ ਕਲਾਨੌਰ ਵਾਲਿਆਂ ਦੀ ਸੁਚੱਜੀ ਦੇਖ ਰੇਖ ਵਿੱਚ ਕੀਤਾ ਗਿਆ ਇਸ ਸਮੇਂ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਸਮੇਤ ਰਾਗੀ ਜੱਥਿਆਂ ਨੇ ਰਸਭਿੰਨਾ ਕੀਰਤਨ ਕੀਤਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸੰਤ ਪ੍ਰਿਤਪਾਲ ਸਿੰਘ ਸੇਵਾਪੰਥੀ ਹੁਸ਼ਿਆਰਪੁਰ,ਸੰਤ ਚਮਕੌਰ ਸਿੰਘ ਸੇਵਾਪੰਥੀ ਪਟਿਆਲਾ,ਸੰਤ ਮਹਿੰਦਰ ਸਿੰਘ ਸੇਵਾਪੰਥੀ ਪਹਾੜ ਗੰਜ ਦਿੱਲੀ,ਸੰਤ ਸ਼ਰਨਪਾਲ ਸਿੰਘ ਸੇਵਾਪੰਥੀ ਡੇਰਾ ਬਾਬਾ ਜੋਧ ਸਚਿਆਰ,ਸੰਤ ਸ਼ਾਤਾਨੰਦ ਉਦਾਸੀ ਮਹਾਂ ਮੰਡਲੇਸ਼ਵਰ ਜਲੰਧਰ ਵਾਲੇ,ਸੰਤ ਈਸ਼ਵਰ ਸ਼ਾਹ ਕਲਾਨੌਰ,ਸੰਤ ਜਤਿੰਦਰ ਸਿੰਘ ਸੇਵਾਪੰਥੀ ਕਲਾਨੌਰ,ਸੰਤ ਇੰਦਰਜੀਤ ਸਿੰਘ ਨਾਨਕਸਰ ਸੀਂਘੜਾ ਵਾਲਿਆਂ ਨੇ ਸੰਗਤਾਂ ਨਾਲ ਕਥਾ ਕੀਰਤਨ ਦੀ ਸਾਂਝ ਪਾਈ ਗੁਰੂ ਦਾ ਲੰਗਰ ਅਟੁੱਟ ਵਰਤਿਆ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)



ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਗੁਰੂ ਅੰਗਦ ਦੇਵ ਜੀ ਸਾਲਜਬਰਗ ਅਸਟਰੀਆਂ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ

# ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਵੱਲੋਂ ਸੰਗਤਾਂ ਨੂੰ ਦਿੱਤੀਆਂ ਵਧਾਈਆਂ

### ਭਾਈ ਹਰਪ੍ਰੀਤ ਸਿੰਘ ਪੰਮਾ ਪ੍ਰਧਾਨ ਇਨਸਬਰੁੱਕ ਵੱਲੋਂ ਲਿਖੀ ਕਿਤਾਬ ਪ੍ਰਧਾਨ ਸ੍ਰ ਹਰਮੇਲ ਸਿੰਘ ਅਤੇ ਪ੍ਰਬੰਧਕ ਕਮੇਟੀ ਵੱਲੋਂ ਕੀਤੀ ਗਈ ਰਿਲੀਜ਼













(**ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ**) ਜਾਗਦੀ ਜੋਤ ਹਾਜ਼ਰ ਨਾਜ਼ਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਦਿਹਾੜਾ ਮਿਤੀ 14-9-2025 ਨੂੰ ਗੁਰਦੁਆਰਾ ਸ੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਸਾਲਜਬਰਗ ਵਿਖੇ ਭਾਈ ਦਲਜੀਤ ਸਿੰਘ ਸੰਗਰ ਪਰਿਵਾਰ ਵੱਲੋ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ ਪਵਾ ਕੇ ਮਨਾਇਆ ਗਿਆ। ਇਸ ਤੋਂ ਉਪਰੰਤ ਹਜ਼ੂਰੀ ਰਾਗੀ ਭਾਈ ਪ੍ਰਭਜੋਤ ਸਿੰਘ ਵੱਲੋਂ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਰਾਗੀ ਜਥਾ ਭਾਈ ਸੁਰਜੀਤ ਸਿੰਘ ਪਰਵਾਨਾ ਵਿਆਨਾ ਵਾਲਿਆਂ ਨੇ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕੀਤਾ।ਇਸ ਤੋਂ ਉਪਰੰਤ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨੱਛਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਵੱਲੋਂ ਹਾਜ਼ਰੀ ਭਰੀ ਗਈ ਅਤੇ ਪ੍ਰਕਾਸ਼ ਪੁਰਬ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਨਾਲ ਹੀ ਪ੍ਰਧਾਨ ਹਰਮੇਲ ਸਿੰਘ ਬੈਂਸ ਵੱਲੋਂ 'ਕੋਈ ਦੇਸ਼ ਨਾ ਸਾਡਾ' ਕਿਤਾਬ ਰਿਲੀਜ਼ ਕੀਤੀ ਗਈ। ਬੇਅੰਤ ਸਾਰੀਆਂ ਸੰਗਤਾਂ ਨੇ ਪ੍ਰਕਾਸ਼ ਪੁਰਬ ਤੇ ਹਾਜ਼ਰੀ ਭਰੀ ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ। ਭਾਈ ਸਾਗਰ ਪਾਲ ਸਿੰਘ ਵੱਲੋਂ ਸੰਗਤਾਂ ਨੂੰ ਵਧਾਈ ਦਿੱਤੀ ਗਈ ।ਇਸ ਮੌਕੇ ਪ੍ਰਧਾਨ ਹਰਮੇਲ ਸਿੰਘ ਬੈਂਸ, ਭਾਈ ਸਾਗਰ ਪਾਲ ਸਿੰਘ ਚੇਅਰਮੈਨ, ਰਵਿੰਦਰ ਸਿੰਘ ਰੈਂਸੀ ,ਪਵਨੀਤ ਸਿੰਘ, ਸੁਰਿੰਦਰ ਸਿੰਘ ਅਮਰੋਕ ,ਭਾਈ ਹਰਪ੍ਰੀਤ ਸਿੰਘ ਪੰਮਾ ਇਨਸਬਰੁੱਕ ਪ੍ਰਧਾਨ ਦੀ ਲਿਖੀ ਪੁਸਤਕ ਸਾਡਾ ਕੋਈ ਦੇਸ਼ ਨਹੀਂ ਹਾਜ਼ਰ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ। ਸਾਲਜਬਰਗ ਦੀਆਂ ਸੰਗਤਾਂ ਵੱਲੋਂ ਇਕੱਠਾ ਕੀਤਾ ਗਿਆ ਰਾਹਤ ਫੰਡ ਹੜ ਪੀੜਤਾਂ ਦੀ ਸਹਾਇਤਾ ਲਈ ਭੇਜਿਆ ਜਾ ਰਿਹਾ ਹੈ।

## ਪੰਜਾਬ ਵਿੱਚ ਹੜਾਂ ਕਾਰਨ ਪੀੜਤ ਪਰਿਵਾਰਾਂ ਦੀ

# ਲਗਾਤਾਰ ਹਰ ਸੰਭਵ ਮਦੱਦ ਕੀਤੀ ਜਾਵੇਗੀ : ਬਾਪੂ ਤਰਸੇਮ ਸਿੰਘ

**ਅੰਮ੍ਰਿਤਸਰ, 14 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੀ ਅਗਵਾਈ ਹੇਠ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹੜ ਪੀੜਤਾਂ ਦੀ ਸਹਾਇਤਾ ਲਈ ਪਿਛਲੇ ਇੱਕ ਮਹੀਨੇ ਤੋਂ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਰਾਹਤ ਕੈਂਪ ਲਗਾਏ ਗਏ ਸਨ। ਪਾਰਟੀ ਵੱਲੋਂ ਅੱਜ ਤੱਕ ਕੁੱਲ 21 ਕੈਂਪ ਚਲਾਏ ਗਏ ਜਿਥੋਂ ਨਿਰਵਿਘਨ ਤਰੀਕੇ ਨਾਲ ਹੜ ਪੀੜਤ ਪਰਿਵਾਰਾਂ ਨੂੰ ਰਾਹਤ ਸਮੱਗਰੀ, ਪਸ਼ੂਆਂ ਲਈ ਚਾਰਾ ਅਤੇ ਹੋਰ ਜ਼ਰੂਰੀ ਸਮਾਨ ਪਹੁੰਚਾਇਆ ਜਾ ਰਿਹਾ ਹੈ। ਇਸ ਸਾਰੀ ਸੇਵਾ ਦੀ ਗਰਾਊਂਡ ਰਿਪੋਰਟ ਲੈਣ ਲਈ ਅੱਜ ਬਾਪੂ ਤਰਸੇਮ ਸਿੰਘ ਜੀ ਅਤੇ ਪਾਰਟੀ ਹਾਈ ਕਮਾਂਡ ਵੱਲੋਂ ਜੱਲੂਪੁਰ ਖੈੜੇ ਵਿਖੇ ਸਾਰੇ ਵਲੰਟੀਅਰਾਂ ਨਾਲ ਖਾਸ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪਾਰਟੀ ਵਰਕਰਾਂ ਅਤੇ ਕੈਂਪਾਂ 'ਤੇ ਕੰਮ ਕਰ ਰਹੇ ਵਲੰਟੀਅਰਾਂ ਤੋਂ ਵਿਸਥਾਰ ਨਾਲ ਜਾਣਕਾਰੀ ਲਈ ਗਈ ਕਿ ਕੈਂਪਾਂ ਦੌਰਾਨ ਕਿਹੜੀਆਂ ਮੁਸ਼ਿਕਲਾਂ ਆ ਰਹੀਆਂ ਹਨ, ਹੜ ਪੀੜਤ ਲੋਕਾਂ ਨੂੰ ਕਿਹੜੀਆਂ ਮੁਸ਼ਿਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਅਤੇ ਅਗਲੇ ਸਮੇਂ ਵਿੱਚ ਹੜ ਪੀੜਤਾਂ ਜਾਂ ਕਿਸਾਨਾਂ ਨੂੰ ਕਿਹੜੀਆਂ ਨਵੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਇਹਨਾਂ ਨਾਲ ਨਜਿੱਠਣ ਲਈ ਵੱਖ-ਵੱਖ ਮਸ਼ਵਰੇ ਵੀ ਲਏ ਗਏ।ਇਸ ਸੇਵਾ ਦੌਰਾਨ ਸਾਰੇ ਵਲੰਟੀਅਰਾਂ ਤੋਂ ਜੋ ਗਰਾਊਂਡ ਰਿਪੋਰਟ ਸਾਹਮਣੇ ਆਈ ਉਸ ਵਿੱਚ ਇਹ ਸਾਫ਼ ਹੋ ਕੇ ਸਾਹਮਣੇ ਆਇਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਕੈਂਪਾਂ ਰਾਹੀਂ ਕੀਤੇ ਜਾ ਰਹੇ ਰਾਹਤ ਕਾਰਜਾਂ ਦੀ ਸਰਕਾਰ ਵੱਲੋਂ ਸਰਾਹਨਾ ਕਰਨ ਦੀ ਬਜਾਏ ਉਲਟ ਕਈ ਤਰ੍ਹਾਂ ਦੇ ਅੜਿੱਕੇ ਡਾਹੇ ਗਏ। ਬੇਸ ਕੈਂਪਾਂ ਵਾਲੀਆਂ ਥਾਵਾਂ ਤੋਂ ਕੈਂਪ ਚੁਕਵਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ, ਵਲੰਟੀਅਰਾਂ ਨੂੰ ਅਸਿੱਧੇ ਰੂਪ ਵਿੱਚ ਇਸ ਗੱਲ ਦਾ ਤਾਨਾਂ ਦੇ ਕੇ ਤੰਗ ਕੀਤਾ ਗਿਆ ਕਿ ਉਹ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਬੈਨਰ ਹੇਠ ਕੰਮ ਕਰ ਰਹੇ ਹਨ, ਅਤੇ ਕਈ ਪੱਧਰਾਂ ਤੇ ਸੇਵਾ ਕਾਰਜਾਂ ਨੂੰ ਰੋਕਣ ਦੇ ਯਤਨ ਕੀਤੇ ਗਏ। ਪਾਰਟੀ ਹਾਈ ਕਮਾਂਡ ਵੱਲੋਂ ਇਸ ਤਰ੍ਹਾਂ ਦੀਆਂ ਸਰਕਾਰੀ ਹਰਕਤਾਂ ਦੀ ਸਖ਼ਤ ਨਿੰਦਾ ਕੀਤੀ ਗਈ ਅਤੇ ਇਹ ਸਪੱਸ਼ਟ ਕਿਹਾ ਗਿਆ ਕਿ ਸਰਕਾਰ ਨੇ ਆਪਣੀ ਨਲਾਇਕੀ, ਨਾਕਾਮੀਂ ਅਤੇ ਬੇਧਿਆਨਤਾ ਨੂੰ ਲੁਕਾਉਣ ਲਈ ਸੇਵਾ ਨੂੰ ਵੀ ਰੋਕਣ ਦੀਆਂ ਕੋਸ਼ਿਸ਼ਾਂ ਕੀਤੀਆਂ ਹਨ। ਇਸਨੂੰ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ "ਨਿਆਮਤ ਵਿੱਚ ਖਿਆਮਤ" ਕਰਨ ਵਾਂਗ ਕਿਹਾ ਗਿਆ।ਮੀਟਿੰਗ ਦੌਰਾਨ ਪਾਰਟੀ ਵਲੰਟੀਅਰਾਂ ਦੀ ਸੇਵਾ-ਭਾਵਨਾ ਦੀ ਖ਼ਾਸ ਤਰੀਕੇ ਨਾਲ ਸਰਾਹਨਾ ਕੀਤੀ ਗਈ ਅਤੇ ਅੱਗੇ ਵੀ ਇਸ ਸੇਵਾ ਨੂੰ ਹੋਰ ਵਧੇਰੇ ਸੁਚੱਜੇ ਅਤੇ ਸੁਚਾਰੂ ਤਰੀਕੇ ਨਾਲ ਜਾਰੀ ਰੱਖਣ ਲਈ ਕਿਹਾ ਗਿਆ।ਮੀਟਿੰਗ ਵਿੱਚ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਜੀ ਖ਼ਾਲਸਾ ਵੀ ਉਚੇਚੇ ਤੌਰ ਪਹੁੰਚੇ ਅਤੇ ਉਹਨਾਂ ਵੀ ਪਾਰਟੀ ਵਲੰਟੀਅਰਾਂ ਦੀ ਸਰਾਹਨਾਂ ਕੀਤੀ 'ਤੇ ਇਸ ਮੀਟਿੰਗ ਵਿੱਚ ਬਾਪੂ ਤਰਸੇਮ ਸਿੰਘ ਜੀ ਤੋਂ ਇਲਾਵਾ ਭਾਈ ਸੁਰਜੀਤ ਸਿੰਘ ਜੀ, ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਕਾਬਲ ਸਿੰਘ ਜੀ, ਚਾਚਾ ਪ੍ਰਗਟ ਸਿੰਘ ਜੀ, ਬੀਬੀ ਸਤਨਾਮ ਕੌਰ ਜੀ, ਸ੍ਰ ਜਸਵਿੰਦਰ ਸਿੰਘ ਡਰੌਲੀ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਅਜੈਪਾਲ ਸਿੰਘ ਢਿਲੋਂ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਪ੍ਰਿਥੀਪਾਲ ਸਿੰਘ ਜੀ, ਭਾਈ ਦਇਆ ਸਿੰਘ ਜੀ ਅਤੇ 300 ਤੋਂ 350 ਦੇ ਕਰੀਬ ਸੀਨੀਅਰ ਪਾਰਟੀ ਮੈਂਬਰ ਅਤੇ ਵਲੰਟੀਅਰ ਸ਼ਾਮਿਲ ਸਨ। ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਹੜ ਪੀੜਤਾਂ ਦੀ ਸਹਾਇਤਾ ਲਈ ਇਹ ਸਾਡੀ ਪਾਰਟੀ ਹਮੇਸ਼ਾਂ ਅੱਗੇ ਰਹੇਗੀ ਅਤੇ ਪੰਜਾਬ ਭਰ ਵਿੱਚ ਹੜਾਂ ਕਾਰਨ ਪੀੜਤ ਪਰਿਵਾਰਾਂ ਦੀ ਹਰ ਸੰਭਵ ਮਦੱਦ ਕੀਤੀ ਜਾਵੇਗੀ। ••



### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਹੜ ਪੀੜਤਾਂ ਲਈ ਚਲਾਏ ਗਏ ਕੈਂਪਾਂ ਦੀ ਗਰਾਉਂਡ ਰਿਪੋਰਟ ਮੀਟਿੰਗ

### ਖਾਲਸੇ ਦੀ ਜਨਮ ਭੂਮੀ ਤਖ਼ਤ ਸ੍ਰੀ ਕੇਸਗੜ੍ਹ ਸ੍ਰੀ ਅਨੰਦਪੁਰ ਸਾਹਿਬ ਜੀ ਦੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰਨਾਂ ਪੰਥਕ ਸ਼ਖਸੀਅਤਾਂ ਨੇ ਦਰਸ਼ਨ-ਦੀਦਾਰੇ ਕੀਤੇ








ਖਾਲਸੇ ਦੀ ਜਨਮ ਭੂਮੀ ਤਖ਼ਤ ਸ੍ਰੀ ਕੇਸਗੜ੍ਹ ਸ੍ਰੀ ਅਨੰਦਪੁਰ ਸਾਹਿਬ ਜੀ ਦੇ ਪਾਵਨ ਪਵਿੱਤਰ ਦਰਸ਼ਨ ਦੀਦਾਰੇ ਸਾਥੀਆਂ ਸਮੇਤ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜ਼ਾਦ,ਸਰਦਾਰ ਗੁਰਮੀਤ ਸਿੰਘ ਰਾਮਸਰ ਕਾਲਕਾ ਸੀਨੀਅਰ ਮੀਤ ਪ੍ਰਧਾਨ,ਸਰਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਪੰਚਕੂਲਾ ਅਤੇ ਚੇਅਰਮੈਨ ਲੰਗਰ ਖਰੀਦ ਵਿੰਗ ਹਰਿਆਣਾ ਕਮੇਟੀ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਓਲਡਬਰੀ 'ਚ ਸਿੱਖ ਔਰਤ 'ਤੇ ਹੋਏ ਨਸਲੀ ਹਮਲੇ 'ਤੇ ਸਮੈਥਵਿਕ ਗੁਰਦੁਆਰਾ ਨੇਤਾਵਾਂ ਨੇ ਕੀਤੀ ਨਿੰਦਾ

# ਰਾਜਨੀਤੀਵਾਨਾਂ ਨੂੰ ਇਕਤਾ ਲਈ ਕੰਮ ਕਰਨ ਦੀ ਅਪੀਲ, ਨਿਆਂ ਦੀ ਮੰਗ

















ਸਮੈਥਵਿਕ, 14 ਸਤੰਬਰ : ਬ੍ਰਿਟੇਨ ਦੇ ਵੈਸਟ ਮਿਡਲੈਂਡਜ਼ ਵਿੱਚ ਓਲਡਬਰੀ 'ਚ 9 ਸਤੰਬਰ ਨੂੰ ਸਵੇਰੇ 8:00 ਤੋਂ 8:30 ਵਜੇ ਦੌਰਾਨ ਇੱਕ ਸਿੱਖ ਵਿਰਾਸਤ ਵਾਲੀ ਔਰਤ (20 ਵਰ੍ਹਿਆਂ ਦੀ) 'ਤੇ ਹੋਏ ਭਿਆਨਕ ਨਸਲੀ ਅਤੇ ਰੇਪ ਦੀ ਸਮੈਥਵਿਕ ਦੇ ਗੁਰੂ ਨਾਨਕ ਗੁਰਦੁਆਰਾ ਨੇਤਾਵਾਂ ਨੇ ਸਖ਼ਤ ਨਿੰਦਾ ਕੀਤੀ ਹੈ। ਇਹ ਹਮਲਾ ਟੇਮ ਰੋਡ 'ਤੇ ਹੋਇਆ, ਜੋ ਸਥਾਨਕ MP ਗੁਰਿੰਦਰ ਸਿੰਘ ਜੋਸਨ ਦੇ ਆਫਿਸ ਨੇੜੇ ਹੈ। ਕੁਲਦੀਪ ਸਿੰਘ ਦੀਓਲ (ਐਜੂਕੇਸ਼ਨ ਸੈਕਟਰੀ ਅਤੇ ਸਾਬਕਾ ਪ੍ਰਧਾਨ, ਗੁਰੂ ਨਾਨਕ ਗੁਰਦੁਆਰਾ ਸਮੈਥਵਿਕ) ਨੇ ਕਿਹਾ ਕਿ ਇਹ ਹਮਲਾ ਸਾਡੀ ਭੈਣ 'ਤੇ ਸ਼ਰਮਨਾਕ ਹਮਲਾ ਹੈ। ਸਾਡੀਆਂ ਧੀਆਂ, ਭੈਣਾਂ ਅਤੇ ਮਾਵਾਂ ਨੂੰ ਰੰਗ ਜਾਂ ਧਰਮ ਦੇ ਭੇਦਭਾਵ ਵਿਨਾ ਸੁਰੱਖਿਆ ਮਿਲਣੀ ਚਾਹੀਦੀ ਹੈ। ਗੁਰੂ ਨਾਨਕ ਦੇਵ ਜੀ ਨੇ ਔਰਤਾਂ ਦੀ ਬਰਾਬਰੀ ਅਤੇ ਸਨਮਾਨ ਦਾ ਸੰਦੇਸ਼ ਦਿੱਤਾ। ਔਰਤਾਂ ਨੂੰ ਸੁਰੱਖਿਅਤ ਮਹਿਸੂਸ ਹੋਣਾ ਚਾਹੀਦਾ ਹੈ, ਪਰ ਸਾਡੇ ਰਾਜਨੀਤੀਵਾਨ ਅਸਫਲ ਹੋ ਰਹੇ ਹਨ। ਉਹ ਵੰਡ ਵਧਾ ਰਹੇ ਹਨ, ਪੁਲਾਂ ਅਤੇ ਹੱਲਾਂ ਦੀ ਬਜਾਏ। ਸਥਾਨਕ ਰਾਜਨੀਤੀਵਾਨਾਂ ਨੂੰ ਭਾਈਚਾਰਿਆਂ ਨੂੰ ਬਚਾਉਣ ਅਤੇ ਜੋੜਨ ਲਈ ਵੱਧ ਕੰਮ ਕਰਨਾ ਚਾਹੀਦਾ ਹੈ। ਨਰਿੰਦਰਜੀਤ ਸਿੰਘ (ਸਟੇਜ ਸੈਕਟਰੀ, ਗੁਰੂ ਨਾਨਕ ਗੁਰਦੁਆਰਾ ਸਮੈਥਵਿਕ) ਨੇ ਕਿਹਾ ਕਿ ਅੱਜ ਦੇ ਬ੍ਰਿਟੇਨ ਵਿੱਚ ਘੱਟ ਗਿਣਤੀ ਭਾਈਚਾਰਿਆਂ ਦੀਆਂ ਔਰਤਾਂ 'ਤੇ ਨਫ਼ਰਤੀ ਅਪਰਾਧ ਉਸ ਸਮਾਜ ਦੀਆਂ ਕਦਰਾਂ-ਕੀਮਤਾਂ 'ਤੇ ਕਾਲੇ ਦਾਗ ਹਨ, ਜੋ ਨਿਆਂ ਅਤੇ ਸ਼ਾਮਲਤਾ ਦਾ ਦਾਅਵਾ ਕਰਦਾ ਹੈ। ਇਹਨਾਂ ਕੰਮਾਂ ਦਾ ਸਮਾਜ ਵਿੱਚ ਕੋਈ ਥਾਂ ਨਹੀਂ, ਅਤੇ ਰਾਜਨੀਤੀਵਾਨਾਂ ਨੂੰ ਇਸ ਦੀ ਸਖ਼ਤ ਨਿੰਦਾ ਕਰਨੀ ਚਾਹੀਦੀ ਹੈ—ਝਿਜਕ ਤੋਂ ਬਿਨਾਂ, ਪੱਕੇ ਇਰਾਦੇ ਨਾਲ। ਸੰਗਤ ਸਿੰਘ (ਸੰਗਤ ਮੈਂਬਰ) ਨੇ ਕਿਹਾ ਕਿ ਇਹ ਨਸਲੀ ਨਫ਼ਰਤ ਅਤੇ ਯੌਨੀ ਹਿੰਸਾ ਦਾ ਕੁਕਰਮ ਹੈ। ਸਿੱਖਾਂ ਨੇ ਸਰਗੜ੍ਹੀ ਤੋਂ ਵਿਸ਼ਵ ਯੁੱਧਾਂ ਤੱਕ ਬ੍ਰਿਟੇਨ ਲਈ ਲੜਾਈ ਲੜੀ ਅਤੇ ਵਿਕਟੋਰੀਆ ਕਰਾਸ ਜਿੱਤੀਆਂ। ਅਸੀਂ ਐਨਐਚਐੱਸ, ਵਪਾਰ ਅਤੇ ਸਮਾਜ ਵਿੱਚ ਯੋਗਦਾਨ ਪਾਉਂਦੇ ਹਾਂ। ਇਹ ਸਿਰਫ਼ ਸਮੁਦਾਇਕ ਹਮਲਾ ਨਹੀਂ, ਬਲਕਿ ਇੱਕ ਔਰਤ ਦੀ ਮਾਣ 'ਤੇ ਹਮਲਾ ਹੈ, ਜਿਸ ਦਾ ਜਵਾਬ ਨਿਆਂ ਨਾਲ ਹੋਣਾ ਚਾਹੀਦਾ ਹੈ। ਅਸੀਂ ਬ੍ਰਿਟੇਨ ਅਤੇ ਇਸ ਦੇ ਪ੍ਰਤੀਕਾਂ 'ਤੇ ਪੂਰਾ ਹੱਕ ਰੱਖਦੇ ਹਾਂ ਅਤੇ ਇਸ ਦੇ ਨਾਮ 'ਤੇ ਅੱਤਵਾਦ ਸਹਿਣ ਨਹੀਂ ਕਰਾਂਗੇ। ਇਸ ਹਮਲੇ ਨੇ ਸਿੱਖ ਭਾਈਚਾਰੇ ਵਿੱਚ ਡਰ ਅਤੇ ਗੁਸਸਾ ਪੈਦਾ ਕੀਤਾ ਹੈ। ਪੁਲਿਸ ਨੇ ਇਸ ਨੂੰ ਨਸਲੀ ਹਮਲਾ ਮੰਨ ਕੇ ਜਾਂਚ ਜਾਰੀ ਰੱਖੀ ਹੈ। ਸੋਸ਼ਲ ਮੀਡੀਆ 'ਤੇ ਇਸ ਨੂੰ ਲੈ ਕੇ ਰੋਸ ਹੈ ਅਤੇ ਰਾਜਨੀਤੀਵਾਨਾਂ 'ਤੇ ਦਬਾਅ ਵਧ ਰਿਹਾ ਹੈ।

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243